ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7l

awazeqaumtvpunjab@gmail.com

ਐਤਵਾਰ, 11 ਫਰਵਰੀ 2024 (ਨਾਨਕਸ਼ਾਹੀ ਸੰਮਤ : ੫੫੫, ੨੯ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੱਛਮੀ ਬੰਗਾਲ 'ਚ ਔਰਤਾਂ ਦਾ ਪ੍ਰਦਰਸ਼ਨ ਹੋਇਆ ਹਿੰਸਕ, ਧਾਰਾ 144 ਲਾਗੂ, ਇੰਟਰਨੈੱਟ ਬੰਦ

ਕੋਲਕਾਤਾ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)-ਪੁਲਿਸ ਨੇ ਪੱਛਮੀ ਬੰਗਾਲ ਦੇ ਉੱਤਰੀ 24 ਪਰਗਨਾ ਜ਼ਿਲ੍ਹੇ ਦੇ ਸੰਦੇਸ਼ਖਲੀ ਵਿੱਚ ਧਾਰਾ 144 ਲਾਗੂ ਕਰ ਦਿੱਤੀ ਹੈ। ਇੱਥੇ ਸਥਾਨਕ ਲੋਕ, ਖਾਸ ਤੌਰ 'ਤੇ ਔਰਤਾਂ ਵਿਰੋਧ ਪ੍ਰਦਰਸ਼ਨ ਕਰ ਰਹੀਆਂ ਹਨ ਅਤੇ ਤ੍ਰਿਣਮੂਲ ਕਾਂਗਰਸ ਦੇ ਭਗੌੜੇ ਨੇਤਾ ਸ਼ੇਖ ਸ਼ਾਹਜਹਾਂ ਅਤੇ ਉਸ ਦੇ ਪੈਰੋਕਾਰਾਂ ਦੀ ਤੁਰੰਤ ਗ੍ਰਿਫਤਾਰੀ ਦੀ ਮੰਗ ਕਰ ਰਹੀਆਂ ਹਨ। ਇਹ ਲੋਕ 5 ਜਨਵਰੀ ਨੂੰ ਈਡੀ ਅਤੇ ਸੀਏਪੀਐਫ ਦੇ ਜਵਾਨਾਂ ਅਤੇ ਉਨ੍ਹਾਂ ਦੇ ਸਮਰਥਕਾਂ 'ਤੇ ਹਮਲੇ ਵਿੱਚ ਸ਼ਾਮਲ ਹਨ। ਪੁਲਿਸ ਪ੍ਰਸ਼ਾਸਨ ਨੇ ਸਥਿਤੀ ਆਮ ਹੋਣ ਤੱਕ ਇਲਾਕੇ ਵਿੱਚ ਇੰਟਰਨੈੱਟ ਦੀ ਵਰਤੋਂ 'ਤੇ ਵੀ ਪਾਬੰਦੀ ਲਗਾ ਦਿੱਤੀ ਹੈ। ਸੰਦੇਸ਼ਖਲੀ-1 ਅਤੇ ਸੰਦੇਸ਼ਖਲੀ-2 ਦੇ ਦੋ ਬਲਾਕਾਂ ਵਿੱਚ ਫੈਲੀਆਂ 16 ਪੰਚਾਇਤਾਂ ਦੇ ਅਧੀਨ ਆਉਂਦੇ ਖੇਤਰ ਵਿੱਚ ਧਾਰਾ 144 ਅਤੇ ਇੰਟਰਨੈਟ ਪਾਬੰਦੀ ਇੱਕੋ ਸਮੇਂ ਜਾਰੀ ਰਹੇਗੀ। 5 ਜਨਵਰੀ ਦੇ ਹਮਲੇ ਤੋਂ ਬਾਅਦ, ਸ਼ਾਹਜਹਾਂ ਕੇਂਦਰੀ ਏਜੰਸੀ ਦੇ ਸਾਲਟ ਲੇਕ ਦਫਤਰ ਵਿੱਚ ਪੇਸ਼ ਹੋਣ ਲਈ ਈਡੀ ਦੇ ਸੰਮਨ ਤੋਂ ਬਾਅਦ ਫਰਾਰ ਹਨ।

## ਪਾਕਿਸਤਾਨ 'ਚ ਹੋਇਆ 'ਖੇਲਾ' !

## ਵੋਟਿੰਗ ਦੇ 38 ਘੰਟੇ ਬਾਅਦ ਵੀ ਨਹੀਂ ਆਇਆ ਨਤੀਜਾ, ਧਾਂਦਲੀ ਦੇ ਦੋਸ਼ਾਂ ਵਿਚਾਲੇ ਵਧਿਆ ਤਣਾਅ

**ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ**

ਪਾਕਿਸਤਾਨ ਵਿੱਚ ਨੈਸ਼ਨਲ ਅਸੈਂਬਲੀ ਅਤੇ ਸੂਬਾਈ ਚੋਣਾਂ ਲਈ ਵੋਟਾਂ ਦੀ ਗਿਣਤੀ ਚੱਲ ਰਹੀ ਹੈ। ਜੀਓ ਨਿਊਜ਼ ਦੀ ਰਿਪੋਰਟ ਮੁਤਾਬਕ 241 ਸੀਟਾਂ ਦੇ ਨਤੀਜੇ ਆ ਚੁੱਕੇ ਹਨ। ਇਸ 'ਚ ਇਮਰਾਨ ਖਾਨ ਦੀ ਅਗਵਾਈ ਵਾਲੇ ਪੀਟੀਆਈ ਸਮਰਥਕ 97 ਸੀਟਾਂ ਨਾਲ ਅੱਗੇ ਚੱਲ ਰਹੇ ਹਨ। ਉਨ੍ਹਾਂ ਤੋਂ ਬਾਅਦ ਨਵਾਜ਼ ਸ਼ਰੀਫ਼ ਦੀ ਪਾਰਟੀ ਪਾਕਿਸਤਾਨ ਮੁਸਲਿਮ ਲੀਗ-ਐਨ ਹੈ। ਪੀਐਮਐਲ-ਐਨ ਨੇ 72 ਸੀਟਾਂ ਜਿੱਤੀਆਂ ਹਨ। ਬਿਲਾਵਲ ਭੁੱਟੋ ਜ਼ਰਦਾਰੀ ਦੀ ਪਾਰਟੀ ਪੀਪੀਪੀ ਤੀਜੇ ਨੰਬਰ 'ਤੇ ਚੱਲ ਰਹੀ ਹੈ। ਹੁਣ ਤੱਕ ਪੀਪੀਪੀ ਨੇ 52 ਸੀਟਾਂ ਜਿੱਤੀਆਂ ਹਨ। 266 ਵਿੱਚੋਂ 241 ਸੀਟਾਂ (ਇੱਕ ਸੀਟ 'ਤੇ ਚੋਣਾਂ ਮੁਲਤਵੀ ਕਰ ਦਿੱਤੀਆਂ ਗਈਆਂ ਹਨ) ਦੇ ਨਤੀਜਿਆਂ ਦੇ ਬਾਵਜੂਦ ਪਾਕਿਸਤਾਨ ਵਿੱਚ ਕੋਈ ਵੀ ਪਾਰਟੀ ਸਰਕਾਰ ਬਣਾਉਂਦੀ ਨਜ਼ਰ ਨਹੀਂ ਆ ਰਹੀ ਹੈ। ਹਾਲਾਂਕਿ 24 ਸੀਟਾਂ ਦੇ ਨਤੀਜੇ ਆਉਣੇ ਬਾਕੀ ਹਨ। ਪਾਕਿਸਤਾਨ ਦੇ ਚੋਣ ਕਮਿਸ਼ਨ ਨੇ ਅਜੇ ਤੱਕ ਅੰਤਿਮ ਚੋਣ ਨਤੀਜਿਆਂ ਦਾ ਐਲਾਨ ਨਹੀਂ ਕੀਤਾ ਹੈ। ਇਨ੍ਹਾਂ ਤਿੰਨਾਂ ਪ੍ਰਮੁੱਖ ਪਾਰਟੀਆਂ ਤੋਂ ਇਲਾਵਾ ਮੁਤਾਹਿਦਾ ਕੌਮੀ ਮੂਵਮੈਂਟ-ਪਾਕਿਸਤਾਨ (ਐੱਮ.ਕਿਊ.ਐੱਮ.-ਪੀ.), ਜਮੀਅਤ-ਏ-ਉਲਾਮੀ-ਫਜ਼ਲ (ਜੇਯੂਆਈ-ਐੱਫ) ਅਤੇ ਬਲੋਚਿਸਤਾਨ ਨੈਸ਼ਨਲ ਪਾਰਟੀ (ਬੀ.ਐੱਨ.ਪੀ.) ਨੇ ਕ੍ਰਮਵਾਰ 15, 3 ਅਤੇ 2 ਸੀਟਾਂ ਜਿੱਤੀਆਂ ਹਨ। ਇੱਥੇ ਧਿਆਨ ਦੇਣ ਵਾਲੀ ਗੱਲ ਇਹ ਹੈ ਕਿ ਪਾਕਿਸਤਾਨ ਵਿੱਚ ਵੋਟਿੰਗ ਨੂੰ 38 ਘੰਟੇ ਤੋਂ ਵੱਧ ਦਾ ਸਮਾਂ ਬੀਤ ਚੁੱਕਾ ਹੈ ਪਰ ਅਜੇ ਤੱਕ ਨਤੀਜੇ ਸਾਹਮਣੇ ਨਹੀਂ ਆਏ। ਇਮਰਾਨ ਖਾਨ ਦੀ ਪਾਰਟੀ ਨੇ ਇਲਜ਼ਾਮ ਲਗਾਇਆ ਹੈ ਕਿ ਚੋਣਾਂ ਵਿੱਚ ਧਾਂਦਲੀ ਹੋ ਰਹੀ ਹੈ। ਕਈ ਹੋਰ ਵਿਰੋਧੀ ਪਾਰਟੀਆਂ ਨੇ ਵੀ ਇਹੀ ਗੱਲ ਕਹੀ ਹੈ। ਇੱਥੇ ਬਿਲਾਵਲ ਅਤੇ ਨਵਾਜ਼ ਸ਼ਰੀਫ ਦੀ ਪਾਰਟੀ ਨੇ ਗਠਜੋੜ ਸਰਕਾਰ ਨੂੰ ਲੈ ਕੇ ਬੈਠਕ ਕੀਤੀ ਹੈ। ਅਜਿਹੇ 'ਚ ਕਿਹਾ ਜਾ ਰਿਹਾ ਹੈ ਕਿ ਗਠਜੋੜ ਸਰਕਾਰ ਨੂੰ ਲੈ ਕੇ ਗੱਲਬਾਤ ਹੋ ਸਕਦੀ ਹੈ।



# I.N.D.I.A.: ਟੁੱਟ ਗਈ ਤੜੱਕ ਕਰਕੇ !

# ਪੰਜਾਬ 'ਚ ਅਗਲੇ 2 ਹਫ਼ਤਿਆਂ 'ਚ ਹੋ ਜਾਵੇਗਾ ਆਪ ਦੇ ਉਮੀਦਵਾਰਾਂ ਦੇ ਨਾਂਅ ਦਾ ਐਲਾਨ

■ ਆਮ ਆਦਮੀ ਪਾਰਟੀ ਪੰਜਾਬ ਦੀਆਂ ਸਾਰੀਆਂ ਸੀਟਾਂ 'ਤੇ ਚੋਣ ਲੜੇਗੀ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਪਾਰਟੀ ਅਗਲੇ 10-15 ਦਿਨਾਂ 'ਚ ਇਨ੍ਹਾਂ ਸੀਟਾਂ 'ਤੇ ਉਮੀਦਵਾਰਾਂ ਦਾ ਐਲਾਨ ਕਰੇਗੀ।

ਚੰਡਹੀੜ੍ਹ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)- ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਸ਼ਨੀਵਾਰ (10 ਫਰਵਰੀ) ਨੂੰ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਪੰਜਾਬ ਦੀਆਂ ਸਾਰੀਆਂ 13 ਲੋਕ ਸਭਾ ਸੀਟਾਂ ਅਤੇ ਚੰਡੀਗੜ੍ਹ ਦੀ ਇੱਕ ਸੀਟ 'ਤੇ ਚੋਣ ਲੜੇਗੀ। ਇਸ ਨਾਲ ਸੂਬੇ ਵਿੱਚ ਵਿਰੋਧੀ ਧਿਰ ਦਾ ਇੰਡੀਅਨ ਨੈਸ਼ਨਲ ਡੈਮੋਕਰੇਟਿਕ ਇਨਕਲੂਸਿਵ ਅਲਾਇੰਸ (ਇੰਡੀਆ ) ਦਾ ਅੰਤ ਹੋ ਜਾਵੇਗਾ। ਕੇਜਰੀਵਾਲ ਨੇ ਕਿਹਾ ਕਿ ਪਾਰਟੀ ਅਗਲੇ 10-15 ਦਿਨਾਂ 'ਚ ਇਨ੍ਹਾਂ ਸੀਟਾਂ 'ਤੇ ਉਮੀਦਵਾਰਾਂ ਦਾ ਐਲਾਨ ਕਰੇਗੀ। ਕੇਜਰੀਵਾਲ ਨੇ ਕਿਹਾ ਕਿ ਦੋ ਸਾਲ ਪਹਿਲਾਂ, ਤੁਸੀਂ (ਲੋਕਾਂ) ਸਾਨੂੰ ਆਸ਼ੀਰਵਾਦ ਦਿੱਤਾ ਸੀ। ਤੁਸੀਂ ਸਾਨੂੰ (ਵਿਧਾਨ ਸਭਾ ਚੋਣਾਂ) ਵਿੱਚ 117 ਵਿੱਚੋਂ 92 ਸੀਟਾਂ ਦਿੱਤੀਆਂ ਸਨ, ਤੁਸੀਂ ਪੰਜਾਬ ਵਿੱਚ ਇਤਿਹਾਸ ਰਚਿਆ ਸੀ। ਮੈਂ ਇੱਕ ਹੋਰ ਆਸ਼ੀਰਵਾਦ ਲੈਣ ਲਈ ਤੁਹਾਡੇ ਕੋਲ ਹੱਥ ਜੋੜ ਕੇ ਆਇਆ ਹਾਂ। ਲੋਕਾਂ ਨੂੰ ਸੰਬੋਧਨ ਕਰਦਿਆਂ ਦਿੱਲੀ ਦੇ ਮੁੱਖ ਮੰਤਰੀ ਨੇ ਕਿਹਾ ਕਿ ਲੋਕ ਸਭਾ ਚੋਣਾਂ ਦੋ ਮਹੀਨਿਆਂ ਵਿੱਚ ਹੋਣਗੀਆਂ। ਲੋਕ ਸਭਾ ਚੋਣਾਂ ਲਈ ਕੁੱਲ 14 ਸੀਟਾਂ ਹਨ- 13 ਪੰਜਾਬ ਤੋਂ ਅਤੇ ਇੱਕ ਚੰਡੀਗੜ੍ਹ ਤੋਂ। ਅਗਲੇ 10-15 ਦਿਨਾਂ 'ਚ 'ਆਪ' ਇਨ੍ਹਾਂ ਸਾਰੀਆਂ 14 ਸੀਟਾਂ 'ਤੇ ਆਪਣੇ ਉਮੀਦਵਾਰਾਂ ਦਾ ਐਲਾਨ ਕਰੇਗੀ। ਤੁਹਾਨੂੰ ਇਨ੍ਹਾਂ ਸਾਰੀਆਂ ਸੀਟਾਂ 'ਤੇ ਆਮ ਆਦਮੀ ਪਾਰਟੀ ਨੂੰ ਜਿਤਾਉਣਾ ਹੋਵੇਗਾ। ਆਮ ਆਦਮੀ ਪਾਰਟੀ ਦੇ ਮੁਖੀ ਦੀ ਇਸ ਟਿੱਪਣੀ ਤੋਂ ਪਤਾ ਲੱਗਦਾ ਹੈ ਕਿ ਪੰਜਾਬ 'ਚ ਸੀਟਾਂ ਦੀ ਵੰਡ ਨੂੰ ਲੈ ਕੇ 'ਆਪ' ਅਤੇ ਕਾਂਗਰਸ ਵਿਚਾਲੇ ਚੱਲ ਰਹੀ ਗੱਲਬਾਤ ਅੱਗੇ ਨਹੀਂ ਵਧੀ ਹੈ। ਜ਼ਿਕਰਯੋਗ ਹੈ ਕਿ ਪਿਛਲੇ ਮਹੀਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਕਿਹਾ ਸੀ ਕਿ ਉਨ੍ਹਾਂ ਦੀ ਪਾਰਟੀ ਪੰਜਾਬ ਦੀਆਂ ਸਾਰੀਆਂ 13 ਸੀਟਾਂ 'ਤੇ ਚੋਣ ਲੜੇਗੀ।

### ਕਾਂਗਰਸ ਅਤੇ 'ਆਪ' ਨੇ ਮਿਲ ਕੇ ਮੇਅਰ ਦੀ ਚੋਣ ਲੜੀ ਸੀ

ਤੁਹਾਨੂੰ ਦੱਸ ਦੇਈਏ ਕਿ ਪੰਜਾਬ ਅਤੇ ਦਿੱਲੀ ਵਿੱਚ ਕਾਂਗਰਸ ਅਤੇ ਏਪੀਪੀ ਨੇ ਪਿਛਲੇ ਮਹੀਨੇ ਚੰਡੀਗੜ੍ਹ ਮੇਅਰ ਦੀ ਚੋਣ ਇਕੱਠੀ ਲੜੀ ਸੀ, ਜਿਸ ਤੋਂ ਸੰਕੇਤ ਮਿਲੇ ਸਨ ਕਿ ਉਹ ਲੋਕ ਸਭਾ ਚੋਣਾਂ ਵਿੱਚ ਵੀ ਗਠਜੋੜ ਕਰਨਗੇ। ਹਾਲਾਂਕਿ ਹੁਣ ਕੇਜਰੀਵਾਲ ਦੇ ਬਿਆਨ ਤੋਂ ਇਹ ਸੰਕੇਤ ਮਿਲਦਾ ਹੈ ਕਿ ਦੋਵੇਂ ਪਾਰਟੀਆਂ ਪੰਜਾਬ ਵਿੱਚ ਵੱਖ-ਵੱਖ ਚੋਣਾਂ ਲੜਨਗੀਆਂ।

## 'ਆਪ' ਸੁਪਰੀਮੋ ਕੇਜਰੀਵਾਲ ਪਹੁੰਚੇ ਪੰਜਾਬ, ਮੁੱਖ ਮੰਤਰੀ ਮਾਨ ਨਾਲ ਘਰ-ਘਰ ਮੁਫਤ ਰਾਸ਼ਨ ਸਕੀਮ ਕੀਤੀ ਸ਼ੁਰੂ

ਚੰਡਹੀੜ੍ਹ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)-'ਆਮ ਆਦਮੀ ਪਾਰਟੀ ਦੇ ਸੁਪਰੀਮੋ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੋ ਦਿਨਾਂ ਲਈ ਪੰਜਾਬ ਦੌਰੇ 'ਤੇ ਹਨ। ਮੁੱਖ ਮੰਤਰੀ ਭਗਵੰਤ ਮਾਨ ਨਾਲ ਮਿਲ ਕੇ ਅਮਲੋਹ ਵਿੱਚ ਘਰ-ਘਰ ਰਾਸ਼ਨ ਸਕੀਮ ਦੀ ਸ਼ੁਰੂਆਤ ਕੀਤੀ ਹੈ। 'ਆਪ' ਸੁਪਰੀਮੋ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਖੁਦ ਲੋਕਾਂ ਦੇ ਘਰ ਰਾਸ਼ਨ ਲੈ ਕੇ ਗਏ। ਜਿੱਥੇ ਉਨ੍ਹਾਂ ਨੇ ਲੋਕਾਂ ਨੂੰ ਸਕੀਮ ਬਾਰੇ ਦੱਸਿਆ। ਸੀਐਮ ਭਗਵੰਤ ਮਾਨ ਨੇ ਕਿਹਾ ਕਿ ਹੁਣ ਤੋਂ ਉਹ ਹਰ ਮਹੀਨੇ ਖੁਦ ਲੋਕਾਂ ਦੇ ਘਰ ਰਾਸ਼ਨ ਆਵੇਗਾ ਜਿਸਨੂੰ ਆਟਾ ਚਾਹੀਦਾ ਹੈ ਉਸਨੂੰ ਆਟਾ ਦਿੱਤਾ ਜਾਵੇਗਾ ਅਤੇ ਜੋ ਚੌਲ ਚਾਹੁੰਦਾ ਹੈ ਉਸਨੂੰ ਚੌਲ ਦਿੱਤੇ ਜਾਣਗੇ। ਸਰਕਾਰ ਚੰਗੀ ਕੁਆਲਿਟੀ ਦਾ ਆਟਾ ਪੀਸੇਗੀ। ਕੁਝ ਲੋਕਾਂ ਦੇ ਘਰਾਂ 'ਚ ਰਾਸ਼ਨ ਦੇਣ ਤੋਂ ਬਾਅਦ ਹੁਣ ਮੁੱਖ ਮੰਤਰੀ ਖੰਨਾ ਲਈ ਰਵਾਨਾ ਹੋ ਗਏ ਹਨ। ਲੁਧਿਆਣਾ ਦੇ ਖੰਨਾ ਵਿੱਚ ਕੇਜਰੀਵਾਲ ਦੇ ਨਾਲ ਸੀਐਮ ਭਗਵੰਤ ਮਾਨ ਲੋਕ ਸਭਾ ਚੋਣਾਂ ਨੂੰ ਲੈ ਕੇ ਆਪਣੀ ਤੀਜੀ ਰੈਲੀ ਕਰਨ ਜਾ ਰਹੇ ਹਨ। ਇਸ ਤੋਂ ਪਹਿਲਾਂ ਉਹ ਹੁਸ਼ਿਆਰਪੁਰ ਅਤੇ ਸੰਗਰੂਰ ਵਿੱਚ ਰੈਲੀਆਂ ਕਰ ਚੁੱਕੇ ਹਨ। ਪੰਜਾਬ ਸਰਕਾਰ ਪਹਿਲੇ ਪੜਾਅ ਵਿੱਚ 24 ਲੱਖ ਪਰਿਵਾਰਾਂ ਨੂੰ ਕਣਕ ਅਤੇ ਆਟੇ ਦੀ ਹੋਮ ਡਿਲੀਵਰੀ ਸ਼ੁਰੂ ਕਰੇਗੀ। ਪਿਛਲੀ ਕੈਬਨਿਟ ਮੀਟਿੰਗ ਵਿੱਚ ਕਰੀਬ 10 ਲੱਖ ਰਾਸ਼ਨ ਕਾਰਡ ਬਹਾਲ ਕੀਤੇ ਗਏ ਸਨ। ਸੀਐਮ ਭਗਵੰਤ ਮਾਨ ਨੇ ਐਲਾਨ ਕੀਤਾ ਸੀ ਕਿ ਜਲਦੀ ਹੀ ਇਹ ਸਕੀਮ ਲੋਕਾਂ ਲਈ ਸ਼ੁਰੂ ਕੀਤੀ ਜਾਵੇਗੀ ਅਤੇ ਉਨ੍ਹਾਂ ਨੇ ਅਰਵਿੰਦ ਕੇਜਰੀਵਾਲ ਨਾਲ ਮਿਲ ਕੇ ਇਸ ਦੀ ਸ਼ੁਰੂਆਤ ਕੀਤੀ ਹੈ।



### ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਮਾਮਲੇ ਵਿੱਚ ਇਨਸਾਫ਼ ਲੈਣ ਲਈ

# ਕਾਉਂਕੇ ਤੋਂ ਸ੍ਰੀ ਅਕਾਲ ਤਖਤ ਸਾਹਿਬ ਤੱਕ ਇਨਸਾਫ਼ ਮਾਰਚ 5 ਨੂੰ

### ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੋਸ਼ੀਆਂ ਖਿਲਾਫ਼ ਕੇਸ ਦਰਜ਼ ਕਰਕੇ ਤੁਰੰਤ ਕਾਰਵਾਈ ਸ਼ੁਰੂ ਕਰੇ ਨਹੀਂ ਤਾਂ ਉਸ ਦਾ ਨਾਂ ਵੀ ਦੋਸ਼ੀ ਮੁੱਖ ਮੰਤਰੀਆਂ ਵਿੱਚ ਆਵੇਗਾ






ਬਾਕੀ ਸਫਾ 2 'ਤੇ

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਮਾਮਲੇ ਵਿੱਚ ਇਨਸਾਫ਼ ਲੈਣ ਲਈ

# ਕਾਉਂਕੇ ਤੋਂ ਸ੍ਰੀ ਅਕਾਲ ਤਖਤ ਸਾਹਿਬ ਤੱਕ ਇਨਸਾਫ਼ ਮਾਰਚ 5 ਨੂੰ




















ਜਲੰਧਰ,10 ਫਰਵਰੀ (ਆਵਾਜ਼ਿ ਕੌਮ ਬਿਊਰੋ)– ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਦੇਵ ਸਿੰਘ ਕਾਉਂਕੇ ਨੂੰ 1990 ਦੇ ਸਰਕਾਰੀ ਅੱਤਵਾਦ ਦੇ ਦੌਰ ਵਿੱਚ ਜ਼ਾਲਮ ਪੁਲਿਸ ਅਫਸਰਾਂ ਵੱਲੋਂ ਕੋਹ–ਕੋਹ ਕੇ ਸ਼ਹੀਦ ਕਰਨ ਮਾਮਲੇ ਵਿੱਚ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਅਤੇ ਇਨ੍ਹਾਂ ਦੋਸ਼ੀਆਂ ਨੂੰ ਬਚਾਉਣ ਲਈ ਵੀ.ਕੇ. ਤਿਵਾੜੀ ਰਿਪੋਰਟ ਸਾਜ਼ਿਸ਼ ਤਹਿਤ ਦੱਬ ਕੇ ਰੱਖਣ ਵਾਲੇ ਕਾਂਗਰਸੀ ਅਤੇ ਅਕਾਲੀ ਸਰਕਾਰਾਂ ਦੇ ਮੁੱਖ ਮੰਤਰੀਆਂ, ਗ੍ਰਹਿ ਮੰਤਰੀਆਂ ਖਿਲਾਫ ਕਾਰਵਾਈ ਕਰਵਾਉਣ ਦੀ ਰਣਨੀਤੀ ਸਬੰਧੀ ਅੱਜ ਜਲੰਧਰ ਵਿਖੇ ਨਕੋਦਰ ਰੋਡ ’ਤੇ ਰੌਇਲ ਰੀਟਰੀਟ ਰਿਜ਼ੋਰਟ ਵਿੱਚ ਪੰਥਕ ਨੁਮਾਇੰਦਾ ਇਕੱਠ ਆਯੋਜਿਤ ਕੀਤਾ ਗਿਆ। ਇਸ ਇਕੱਠ ਵਿੱਚ ਸਮੂਹ ਪੰਥਕ ਜਥੇਬੰਦੀਆਂ ਨੇ ਫੈਸਲਾ ਲਿਆ ਕਿ 5 ਮਾਰਚ 2024 ਨੂੰ ਪਿੰਡ ਕਾਉਂਕੇ ਤੋਂ ਇੱਕ ਇਨਸਾਫ਼ ਮਾਰਚ ਅਕਾਲ ਤਖ਼ਤ ਸਾਹਿਬ ਤੱਕ ਕੱਢਿਆਂ ਜਾਵੇਗਾ ਅਤੇ ਇਸ ਦੌਰਾਨ ਜਥੇਦਾਰ ਗਿਆਨੀ ਰਘਬੀਰ ਸਿੰਘ ਜਥੇਦਾਰ ਅਕਾਲ ਤਖ਼ਤ ਸਾਹਿਬ ਨੂੰ ਇੱਕ ਮੈਮੋਰੰਡਮ ਦਿੱਤਾ ਜਾਵੇਗਾ ਕਿ ਉਹ ਅਕਾਲ ਤਖ਼ਤ ਸਾਹਿਬ ਵਲੋਂ ਸ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤਾ ਗਿਆ ਪੰਥ ਰਤਨ ਫ਼ਖ਼ਰ ਏ ਕੌਮ ਅਵਾਰਡ ਵਾਪਸ ਲੈਣ । ਅੱਜ ਦੇ ਇਸ ਨੁਮਾਇੰਦਾ ਇਕੱਠ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ, ਸਿੱਖ ਪੰਥ ਦੀ ਪ੍ਰਮੁੱਖ ਸਤਿਕਾਰਤ ਸਖਸ਼ੀਅਤ ਸੰਤ ਬਾਬਾ ਸਰਬਜੋਤ ਸਿੰਘ ਜੀ ਬੇਦੀ ਊਨਾ ਸਾਹਿਬ ਵਾਲੇ, ਹਰਿਆਣਾ ਸਿੱਖ ਗੁਰਦੁਆਰਾ ਕਮੇਟੀ ਦੇ ਸਾਬਕਾ ਪ੍ਰਧਾਨ ਸੰਤ ਬਾਬਾ ਬਲਜੀਤ ਸਿੰਘ ਦਾਦੂਵਾਲ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਮੀਤ ਸਿੰਘ ਕਾਲਕਾ, ਯੂਨਾਈਟਿਡ ਅਕਾਲੀ ਦਲ ਦੇ ਚੇਅਰਮੈਨ ਭਾਈ ਗੁਰਦੀਪ ਸਿੰਘ ਬਠਿੰਡਾ, ਭਾਈ ਮੋਹਕਮ ਸਿੰਘ ਦਮਦਮੀ ਟਕਸਾਲ, ਭਾਈ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਕਮੇਟੀ (ਦਿੱਲੀ ਕਮੇਟੀ), ਭਾਈ ਸਤਨਾਮ ਸਿੰਘ ਮਨਾਵਾਂ, ਭਾਈ ਬਲਵਿੰਦਰ ਸਿੰਘ ਫਿਰੋਜ਼ਪੁਰ, ਭਾਈ ਪਾਲ ਸਿੰਘ ਫਰਾਂਸ, ਭਾਈ ਗੁਰਿੰਦਰ ਸਿੰਘ ਬਾਜਵਾ, ਭਾਈ ਭਰਪੂਰ ਸਿੰਘ ਧਾਂਦਰਾ, ਭਾਈ ਹਰਬੰਸ ਸਿੰਘ ਮੰਝਪੁਰ, ਐਡਵੋਕੇਟ ਸ਼ਿੰਦਰ ਪਾਲ ਸਿੰਘ ਬਰਾੜ, ਭਾਈ ਕਰਨੈਲ ਸਿੰਘ ਪੰਜੋਲੀ ਅਤੇ ਹੋਰ ਪ੍ਰਮੁੱਖ ਪੰਥਕ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਪੰਜਾਬ ਦੀ ਭਗਵੰਤ ਸਿੰਘ ਮਾਨ ਦੀ ਸਰਕਾਰ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਤੋਂ ਮੰਗ ਕੀਤੀ ਕਿ ਭਾਈ ਕਾਉਂਕੇ ਮਾਮਲੇ ਵਿੱਚ ਉਹ ਆਪਣੀਆਂ ਜਾਗਦੀਆਂ ਜ਼ਮੀਰਾਂ ਦੀ ਆਵਾਜ਼ ਸੁਣਨ ਅਤੇ ਪੰਥ ਨੂੰ ਇਸ ਮਾਮਲੇ ਵਿੱਚ ਇਨਸਾਫ਼ ਦਿਵਾਉਣ। ਅੱਜ ਦੇ ਇਸ ਪੰਥਕ ਇਕੱਠ ਵਿੱਚ 8 ਮਤੇ ਵੀ ਪਾਸ ਕੀਤੇ ਗਏ। ਇਨ੍ਹਾਂ ਮਤਿਆਂ ਰਾਹੀਂ ਕੇਂਦਰ ਸਰਕਾਰ, ਮਹਾਰਾਸ਼ਟਰ ਸਰਕਾਰ, ਪੰਜਾਬ ਸਰਕਾਰ, ਸ੍ਰੀ ਅਕਾਲ ਤਖਤ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਨੂੰ ਤਾੜਨਾ ਕਰਦਿਆਂ ਮੰਗ ਕੀਤੀ ਗਈ ਕਿ ਲਏ ਗਏ ਪੰਥ ਵਿਰੋਧੀ ਫੈਸਲੇ ਵਾਪਸ ਲਏ ਜਾਣ ਅਤੇ ਇਨ੍ਹਾਂ ਮਤਿਆਂ ਅਨੁਸਾਰ ਕਾਰਵਾਈ ਕਰਕੇ ਸਿੱਖ ਕੌਮ ਨੂੰ ਇਨਸਾਫ਼ ਦਿੱਤਾ ਜਾਵੇ। ਪਹਿਲੇ ਮਤੇ ਵਿੱਚ ਵਿੱਚ ਕਿਹਾ ਗਿਆ ਕਿ ਅੱਜ ਦੀ ਸਮੂਹ ਪੰਥਕ ਇਕੱਤਰਤਾ ਵੱਲੋਂ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਮਰਿਆਦਾ ਅਤੇ ਪ੍ਰਬੰਧ ਵਿੱਚ ਉੱਥੋਂ ਦੀ ਸਰਕਾਰ ਵੱਲੋਂ ਬੇਲੋੜੀ ਦਖਲ ਅੰਦਾਜੀ ਕਰਕੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਪ੍ਰਤੀ ਉੱਥੋਂ ਦੀ ਸਰਕਾਰ ਨੂੰ ਚਿਤਾਵਨੀ ਦਿੰਦੇ ਹਾਂ ਕਿ ਨਵੇਂ ਬਣਾਏ ਗਏ ਸਿੱਖ ਵਿਰੋਧੀ ਅਤੇ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਨਿਯਮਾਂ ਦੀ ਉਲੰਘਣਾ ਕਰਦੇ ਨਵੇਂ ਬਣਾਏ ਗਏ ਕਾਨੂੰਨ ਨੂੰ ਤੁਰੰਤ ਵਾਪਸ ਲਵੇ। ਦੂਸਰੇ ਮਤੇ ਵਿੱਚ ਕਿਹਾ ਗਿਆ ਕਿ ਅੱਜ ਦੀ ਇਕੱਤਰਤਾ ਪੰਥ ਰਤਨ ਫਖਰ–ਏ–ਕੌਮ ਸਿੰਘ ਸਾਹਿਬ ਜਥੇਦਾਰ ਗੁਰਦੇਵ ਸਿੰਘ ਜੀ ਕਾਉਂਕੇ ਉੱਪਰ ਘੋਰ ਤਸ਼ੱਦਦ ਕਰਕੇ ਕਤਲ ਕਰਨ ਦੀ ਸਾਰੀ ਅਸਲੀਅਤ ਚਿੱਟੇ ਦਿਨ ਵਾਂਗ ਜਗ ਜਾਹਿਰ ਹੈ। ਇਸ ਲਈ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਤੁਰੰਤ ਕੇਸ ਦਰਜ਼ ਕਰਕੇ ਢੁੱਕਵੀਂ ਕਾਰਵਾਈ ਕਰਨ ਅਤੇ ਦੋਸ਼ੀਆਂ ਨੂੰ ਸਖਤ ਸਜਾਵਾਂ ਦਿਵਾਉਣ। ਅਜਿਹਾ ਨਾ ਕਰਨ ’ਤੇ ਮੌਜੂਦਾ ਮੁੱਖ ਮੰਤਰੀ ਨੂੰ ਵੀ ਸਿੱਖ ਸੰਗਤਾਂ ਸਾਹਮਣੇ ਜਵਾਬਦੇਹ ਹੋਣਾ ਪਵੇਗਾ ਅਤੇ ਪਿਛਲੀਆਂ ਸਰਕਾਰਾਂ ਦੇ ਮੁੱਖ ਮੰਤਰੀਆਂ ਵਾਂਗ ਇਨ੍ਹਾਂ ਨੂੰ ਵੀ ਨਮੋਸ਼ੀ ਦਾ ਸਾਹਮਣਾ ਕਰਨਾ ਪਵੇਗਾ। ਇਸ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਕੁੱਝ ਵਿਸ਼ੇਸ਼ ਵਿਅਕਤੀਆਂ ਦੇ ਘੇਰੇ ਵਿੱਚੋਂ ਬਾਹਰ ਨਿਕਲ ਕੇ ਸਿੰਘ ਸਾਹਿਬ ਦੇ ਕਤਲ ਸਬੰਧੀ ਜਮੀਨੀ ਹਕੀਕੀਤ ਨੂੰ ਸਮਝਣ ਦਾ ਯਤਨ ਕਰਨ। ਤੀਸਰੇ ਮਤੇ ਵਿੱਚ ਕਿਹਾ ਗਿਆ ਕਿ ਅੱਜ ਦੀ ਇੱਕਤਰਤਾ ਸਮੂਹ ਸਿੱਖ ਸੰਪਰਦਾਵਾਂ ਜਿਨ੍ਹਾਂ ਦਾ ਮਹਾਨ ਵਿਰਸਾ ਹੈ ਅਤੇ ਪੰਥ ਲਈ ਵੱਡੀਆਂ ਕੁਰਬਾਨੀਆਂ ਅਤੇ ਯੋਗਦਾਨ ਹੈ, ਜਿਵੇਂ ਦਮਦਮੀ ਟਕਸਾਲ, ਨਾਨਕਸਰ ਸੰਪਰਦਾਏ, ਰਾੜ੍ਹਾ ਸਾਹਿਬ, ਸੇਵਾਪੰਥੀ, ਕਾਰ ਸੇਵਾ ਵਾਲੇ ਮਹਾਂਪੁਰਖ, ਸੇਵਾਪੰਥੀ ਸੰਪਰਦਾਏ, ਨਿਰਮਲ ਭੇਖ ਸੰਪਰਦਾਏ, ਨਿਹੰਗ ਸਿੰਘ ਜਥੇਬੰਦੀਆਂ, ਸਿੰਘ ਸਭਾਵਾਂ ਅਤੇ ਸਮੂਹ ਸਿੱਖ ਸੰਸਥਾਵਾਂ ਨੂੰ ਸਿੰਘ ਸਾਹਿਬ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਦੇ ਕਤਲ ਸਬੰਧੀ ਇਨਸਾਫ ਲੈਣ ਲਈ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ, ਕਿਉਂਕਿ ਸਿੰਘ ਸਾਹਿਬ ਸਮੁੱਚੀ ਕੌਮ ਦੇ ਸਾਂਝੇ ਜਥੇਦਾਰ ਹਨ। ਉਨ੍ਹਾਂ ਪ੍ਰਤੀ ਇਨਸਾਫ ਪ੍ਰਾਪਤ ਕਰਨ ਸਬੰਧੀ ਹੈਰਾਨੀਜਨਕ ਚੁੱਪ ਧਾਰੀ ਰੱਖਣੀ ਪੰਥ ਦੇ ਭਵਿੱਖ ਲਈ ਨੁਕਸਾਨਦੇਹ ਸਾਬਤ ਹੋਵੇਗੀ ਅਤੇ ਚੁੱਪ ਧਾਰਨ ਵਾਲੀਆਂ ਸੰਸਥਾਵਾਂ ’ਤੇ ਵੀ ਪ੍ਰਸ਼ਨ ਚਿੰਨ੍ਹ ਲੱਗ ਜਾਵੇਗਾ। ਇਸ ਲਈ ਆਪੋ–ਆਪਣੀ ਜਗ੍ਹਾ ਸਭ ਨੂੰ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਚੌਥੇ ਮਤੇ ਵਿੱਚ ਮੰਗ ਕੀਤੀ ਗਈ ਕਿ ਅੱਜ ਦੀ ਇੱਕਤਰਤਾ ਲੰਬੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖ ਬੰਦੀ ਸਿੰਘਾਂ ਜੋ ਕਿ

ਆਵਾਜ਼ਿ ਕੌਮ AWAZE QAUM International Newspaper & WEB TV

ਆਪਣੀਆਂ ਸਜਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਪੰਜਾਬ ਅੰਦਰ ਮਨਘੜਤ ਅਤੇ ਝੂਠੇ ਕੇਸ ਬਣਾ ਕੇ ਬੰਦੀ ਬਣਾਏ ਹੋਏ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਇਸੇ ਦੌਰਾਨ ਦਿਬੜੂਗੜ੍ਹ ਜੇਲ ਵਿੱਚ ਬੰਦ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਅਤੇ ਉਹਨਾਂ ਦੇ ਹੋਰ ਸਾਥੀਆਂ ਦੀ ਵੀ ਤੁਰੰਤ ਰਿਹਾਈ ਦੀ ਮੰਗ ਕੀਤੀ ਗਈ। ਪੰਜਵੇਂ ਮਤੇ ਵਿੱਚ ਕਿਸਾਨਾਂ ਦੇ ਸੰਘਰਸ਼ ਦੀ ਹਮਾਇਤ ਕਰਦਿਆਂ ਕਿਹਾ ਗਿਆ ਕਿ ਅੱਜ ਦੀ ਇੱਕਤਰਤਾ ਭਾਰਤ ਭਰ ਦੇ ਕਿਸਾਨਾਂ ਵੱਲੋਂ ਕੀਤੇ ਜਾ ਰਹੇ ਸੰਘਰਸ਼ ਦੀ ਪੂਰਨ ਹਮਾਇਤ ਕਰਦੀ ਹੈ ਅਤੇ ਕੇਂਦਰ ਸਰਕਾਰ ਨੂੰ ਚਿਤਾਵਨੀ ਦਿੰਦੀ ਹੈ ਕਿ ਕਿਸਾਨ ਹਿੰਦੋਸਤਾਨ ਦੀ ਰੀੜ੍ਹ ਦੀ ਹੱਡੀ ਹਨ। ਇਸ ਲਈ ਕਿਸਾਨਾਂ ਦੀਆਂ ਮੰਗਾਂ ਨੂੰ ਪੂਰਿਆਂ ਕੀਤਾ ਜਾਵੇ। ਛੇਵੇਂ ਮਤੇ ਵਿੱਚ ਫੈਸਲਾ ਲਿਆ ਗਿਆ ਕਿ ਅੱਜ ਦੀ ਇੱਕਤਰਤਾ ਦੇਸ਼–ਵਿਦੇਸ਼ ਦੀਆਂ ਸੰਗਤਾਂ ਅਤੇ ਸਮੂਹ ਸੰਪਰਦਾਵਾਂ ਨੂੰ ਅਪੀਲ ਕਰਦੀ ਹੈ ਕਿ ਸ. ਪ੍ਰਕਾਸ਼ ਸਿੰਘ ਬਾਦਲ ਨੇ ਸਮੇਂ ਸਮੇਂ ਜਦੋਂ ਵੀ ਉਹ ਮੁੱਖ ਮੰਤਰੀ ਬਣੇ, ਕਦੇ ਝੂਠੇ ਨਿਰੰਕਾਰੀਆਂ ਨੂੰ ਸ਼ਿਹ ਦਿੱਤੀ, ਕਦੇ ਝੂਠੇ ਸੌਦਾ ਸਾਧ ਨੂੰ ਸ਼ਿਹ ਦਿੱਤੀ, ਕਦੇ ਗੁਰਬਾਣੀ ਦੀ ਘੋਰ ਬੇਅਦਬੀ ਕਰਨ ਵਾਲਿਆਂ ਦੀ ਪੁਸ਼ਤ ਪਨਾਹੀ ਕੀਤੀ, ਕਦੇ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਨ ਵਾਲੀਆਂ ਸੰਗਤਾਂ ’ਤੇ ਸ਼ਰੇਆਮ ਗੋਲੀਆਂ ਚਲਾ ਕੇ ਸਿੰਘ ਸ਼ਹੀਦ ਕੀਤੇ ਅਤੇ ਕਦੇ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਦੇ ਕਤਲ ਸਬੰਧੀ ਸ੍ਰੀ ਵੀ.ਪੀ. ਤਿਵਾੜੀ ਦੀ ਰਿਪੋਰਟ ਨੂੰ ਕਮਜੋਰ ਕਰਨ ਲਈ ਕਈ ਕਮਿਸ਼ਨ ਬਣਾਏ ਅਤੇ ਸ੍ਰੀ ਤਿਵਾੜੀ ਦੀ ਰਿਪੋਰਟ ਨੂੰ ਕਮਜੋਰ ਕੀਤਾ ਅਤੇ ਦਹਾਕਿਆਂ ਬੱਧੀ ਉਸ ਰਿਪੋਰਟ ’ਤੇ ਨਾ ਤਾਂ ਕਾਰਵਾਈ ਕੀਤੀ ਅਤੇ ਨਾ ਹੀ ਉਸ ਰਿਪੋਰਟ ਨੂੰ ਜਨਤਕ ਹੋਣ ਦਿੱਤਾ, ਜੋ ਕਿ ਕਾਉਂਕੇ ਪਰਿਵਾਰ ਨਾਲ ਵੱਡੀ ਬੇਇਨਸਾਫੀ ਹੈ ਅਤੇ ਸਿੱਖ ਪੰਥ ਨਾਲ ਵੱਡਾ ਧ੍ਰੋਹ ਹੈ। ਇਸ ਲਈ ਸ. ਪ੍ਰਕਾਸ਼ ਸਿੰਘ ਬਾਦਲ ਨੂੰ ਪੰਥ ਰਤਨ ਅਤੇ ਫਖਰ–ਏ–ਕੌਮ ਵਰਗੇ ਸਨਮਾਨ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਦੇਣੇ ਕਦਾਚਿਤ ਉਚਿਤ ਨਹੀਂ। ਇਸ ਲਈ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਇਹ ਸਨਮਾਨ ਸ. ਪ੍ਰਕਾਸ਼ ਸਿੰਘ ਬਾਦਲ ਤੋਂ ਵਾਪਸ ਲਏ ਜਾਣ ਅਤੇ ਇਹ ਸਨਮਾਨ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਦੇ ਨਾਮ ’ਤੇ ਜਾਰੀ ਕੀਤੇ ਜਾਣ। ਇਸ ਸਬੰਧੀ ਸਮੂਹ ਸੰਪਰਦਾਵਾਂ, ਦੇਸ਼ ਵਿਦੇਸ਼ ਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਸੰਗਤਾਂ ਦੀ ਆਵਾਜ਼ ਬੁਲੰਦ ਕਰਨ ਲਈ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਵੱਡੀ ਪੱਧਰ ’ਤੇ ਮੰਗ ਪੱਤਰ ਭੇਜਣੇ ਚਾਹੀਦੇ ਹਨ। ਸੱਤਵੇਂ ਮਤੇ ਵਿੱਚ ਸ੍ਰੀਨਗਰ ਵਿਖੇ ਦੋ ਸਿੱਖ ਨੌਜਵਾਨਾਂ ਦੇ ਕਤਲ ਕੀਤੇ ਜਾਣ ਦੀ ਘੋਰ ਨਿਖੇਧੀ ਗਈ ਅਤੇ ਮਤਾ ਪਾਸ ਕਰਕੇ ਉੱਥੋਂ ਦੀ ਸਰਕਾਰ ਨੂੰ ਚਿਤਾਵਨੀ ਦਿੱਤੀ ਗਈ ਕਿ ਹਰ ਤਰ੍ਹਾਂ ਦੀਆਂ ਘੱਟ ਗਿਣਤੀਆਂ ਦੀ ਜਾਨ ਮਾਲ ਦੀ ਰਾਖੀ ਕਰਨੀ ਉਨ੍ਹਾਂ ਦੀ ਜ਼ਿੰਮੇਵਾਰੀ ਹੈ। ਅਠਵੇਂ ਮਤੇ ਰਾਹੀਂ ਅੱਜ ਦਾ ਇਹ ਨੁਮਾਇੰਦਾ ਪੰਥਕ ਇਕੱਠ ਐਲਾਨ ਕਰਦਾ ਹੈ ਕਿ 5 ਮਾਰਚ 2024 ਨੂੰ ਪਿੰਡ ਕਾਉਂਕੇ ਤੋਂ ਇੱਕ ਇਨਸਾਫ਼ ਮਾਰਚ ਅਕਾਲ ਤਖ਼ਤ ਸਾਹਿਬ ਤੱਕ ਕੱਢਿਆਂ ਜਾਵੇਗਾ ਜੋਂ ਜਥੇਦਾਰ ਗਿਆਨੀ ਰਘਬੀਰ ਸਿੰਘ ਜਥੇਦਾਰ ਅਕਾਲ ਤਖ਼ਤ ਸਾਹਿਬ ਨੂੰ ਇੱਕ ਮੈਮੋਰੰਡਮ ਦਿੱਤਾ ਜਾਵੇਗਾ ਕਿ ਉਹ ਅਕਾਲ ਤਖ਼ਤ ਸਾਹਿਬ ਵਲੋਂ ਸ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤਾ ਗਿਆ ਪੰਥ ਰਤਨ ਫ਼ਖ਼ਰ ਏ ਕੌਮ ਅਵਾਰਡ ਵਾਪਸ ਲੈਣ ।

ਅੱਜ ਦੇ ਇਸ ਪੰਥਕ ਇਕੱਠ ਵਿੱਚ ਹੋਰ ਪ੍ਰਮੁੱਖ ਸਖਸ਼ੀਅਤਾਂ ਵਿੱਚੋਂ ਮਾਤਾ ਗੁਰਮੇਲ ਕੌਰ ਜੀ ਧਰਮ ਸਪੁੱਤਨੀ ਸਿੰਘ ਸਾਹਿਬ ਜਥੇਦਾਰ ਗੁਰਦੇਵ ਸਿੰਘ ਜੀ ਕਾਉਂਕੇ, ਸੰਤ ਬਾਬਾ ਸੇਵਾ ਸਿੰਘ ਰਾਮਪੁਰ ਖੇੜਾ ਵਾਲੇ, ਭਾਈ ਜਗਜੀਤ ਸਿੰਘ ਗਾਬਾ, ਐਡਵੋਕੇਟ ਰਾਜਦੇਵ ਸਿੰਘ, ਭਾਈ ਜਗਤਾਰ ਸਿੰਘ ਰੋਡੇ ਮੈਂਬਰ ਸ਼੍ਰੋਮਣੀ ਕਮੇਟੀ, ਭਾਈ ਕੁਲਵੰਤ ਸਿੰਘ ਪੰਨੂੰ ਤਰਨਤਾਰਨ, ਭਾਈ ਸਿੰਕਦਰ ਸਿੰਘ ਵਿਰਾਣਾ ਮੁੱਖ ਬੁਲਾਰਾ, ਸੰਤ ਬਾਬਾ ਸੁੱਖਾ ਸਿੰਘ ਕਾਰਸੇਵਾ ਸੰਪਰਦਾਇ ਸਰਹਾਲੀ ਸਾਹਿਬ, ਇੰਟਰਨੈਸ਼ਨਲ ਪੰਥਕ ਦਲ ਦੇ ਕਨਵੀਨਰ ਜਥੇਦਾਰ ਦਲੀਪ ਸਿੰਘ ਚਕਰ, ਇੰਟਰਨੈਸ਼ਨਲ ਪੰਥਕ ਦਲ ਦੇ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ, ਧਾਰਮਿਕ ਵਿੰਗ ਦੇ ਪ੍ਰਧਾਨ ਬਾਬਾ ਸਤਨਾਮ ਸਿੰਘ ਵਲੀਆਂ, ਇੰਟਰਨੈਸ਼ਨਲ ਦਲ ਦੇ ਮੁੱਖ ਬੁਲਾਰੇ, ਸ਼੍ਰੋਮਣੀ ਕਮੇਟੀ ਮੈਂਬਰ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲੇ, ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਮਿਸਲ ਸ਼ਹੀਦਾਂ ਦੁਆਬਾ, ਜਥੇਦਾਰ ਜੁਗਿੰਦਰ ਸਿੰਘ ਫਿਰੋਜ਼ਪੁਰ, ਜਥੇਦਾਰ ਗੁਰਦੇਵ ਸਿੰਘ ਮੁਕਤਸਰ ਸਾਹਿਬ, ਭਾਈ ਬਲਕਾਰ ਸਿੰਘ ਧੰਨੋਵਾਲੀ, ਭਾਈ ਰਘਵੀਰ ਸਿੰਘ ਵਾਲਸਾਲ, ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਮਾਲੜੀ, ਭਾਈ ਕਪਤਾਨ ਸਿੰਘ ਮੁੱਖ ਬੁਲਾਰਾ ਯੂਕੇ, ਭਾਈ ਬਲਵੀਰ ਸਿੰਘ ਧੰਨੋਵਾਲੀ, ਭਾਈ ਜਤਿੰਦਰ ਸਿੰਘ ਸਪੈਦਕ, ਭਾਈ ਬਲਵੀਰ ਸਿੰਘ ਬੀਰਾ, ਭਾਈ ਪ੍ਰਗਟ ਸਿੰਘ ਇਟਲੀ, ਭਾਈ ਜਸਵਿੰਦਰ ਸਿੰਘ ਇਟਲੀ, ਭਾਈ ਸੰਤੋਖ ਸਿੰਘ ਕਵੈਂਟਰੀ, ਗਿਆਨੀ ਬਘੇਲ ਸਿੰਘ, ਭਾਈ ਲਹਿੰਬਰ ਸਿੰਘ ਡਰਬੀ, ਜਥੇਦਾਰ ਗੁਰਦੇਵ ਸਿੰਘ ਦਸੂਹੇ ਵਾਲੇ, ਭਾਈ ਕ੍ਰਿਪਾਲ ਸਿੰਘ, ਜਥੇਦਾਰ ਬਾਬਾ ਸਰਵਨ ਸਿੰਘ ਰਸਾਲਦਾਰ ਬੁੱਢਾ ਦਲ, ਜਥੇਦਾਰ ਬਲਵੀਰ ਸਿੰਘ ਟੁੱਟ ਅਮਰੀਕਾ, ਚੇਅਰਮੈਨ ਅਮਰੀਕਨ ਗੁਰਦੁਆਰਾ ਕੌਂਸਲ, ਗੁਰਦੁਆਰਾ ਕ੍ਰਿਪਾਨ ਭੇਟ ਮਾਛੀਵਾੜੇ ਤੋਂ ਭਾਈ ਇੰਦਰਮੋਹਨ ਸਿੰਘ ਸਿੱਖ ਸਟੂਡੈਂਟਸ ਫੈਡਰੇਸ਼ਨ ਯੂਐੱਸਏ, ਭਾਈ ਕਰਨੈਲ ਸਿੰਘ ਗਿੱਲ, ਸਾਬਕਾ ਪ੍ਰਧਾਨ ਗੁਰਦੁਆਰਾ ਫਰੀਮੌਂਟ ਕੈਲੇਫੋਰਨੀਆ, ਭਾਈ ਕ੍ਰਿਪਾ ਸਿੰਘ ਪ੍ਰਧਾਨ ਕਿਸਾਨ ਵਿੰਗ, ਡਾ. ਗੋਮਾ ਸਿੰਘ ਕਿਸਾਨ ਵਿੰਗ, ਭਾਈ ਗੁਰਨਾਮ ਸਿੰਘ ਜ਼ਿਲ੍ਹਾ ਸਕੱਤਰ, ਭਾਈ ਰਜਿੰਦਰ ਸਿੰਘ ਰਾਜਾ, ਚਾਨਣ ਸਿੰਘ ਫਿਰੋਜ਼ਪੁਰ, ਭਾਈ ਬਲਵੀਰ ਸਿੰਘ ਲੱਧਾ ਮੁੰਡਾ, ਸਵਾਮੀ ਸੰਤ ਬਾਬਾ ਹਰਨਾਮ ਸਿੰਘ ਜੀ ਮਾਹਲਪੁਰ ਵਾਲੇ, ਬਾਬਾ ਹਰਪਿੰਦਰ ਸਿੰਘ ਜੀ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਦੇ ਸਪੁੱਤਰ, ਸੰਤ ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ, ਸੰਤ ਬਾਬਾ ਬਲਦੇਵ ਸਿੰਘ ਧਰਮਪੁਰੇ ਵਾਲੇ, ਬਾਬਾ ਜਸਵੰਤ ਸਿੰਘ ਸੋਢੀ ਆਸਲ ਉਤਾੜ ਵਾਲੇ, ਮਹਿੰਦਰ ਪਾਲ ਸਿੰਘ ਬਿਨਾਕਾ ਜਲੰਧਰ, ਸ. ਤੇਜਿੰਦਰ ਸਿੰਘ ਪੰਨੂੰ ਅਕਾਲੀ ਦਲ ਰਵੀਇੰਦਰ, ਨਛੱਤਰ ਸਿੰਘ ਦਬੜੀਖਾਨਾ, ਬਹਾਦਰ ਸਿੰਘ ਰਾਹੋਂ, ਸੁਖਜੀਤ ਸਿੰਘ ਡਾਲਾ, ਗੁਰਮੀਤ ਸਿੰਘ ਬੱਜੋਆਣਾ, ਉਧਮ ਸਿੰਘ, ਰੇਸ਼ਮ ਸਿੰਘ ਮੈਂਬਰ, ਜੋਗਿੰਦਰ ਸਿੰਘ ਪੱਪੂ, ਬਲਵਿੰਦਰ ਸਿੰਘ ਫਿਰੋਜ਼ਪੁਰ ਲੋਕ ਅਧਿਕਾਰ ਲਹਿਰ, ਵਰਿੰਦਰ ਸਿੰਘ ਖਾਲਸਾ ਵੰਡਰਫੁੱਲ ਪੀਜੇ ਵਾਲੇ, ਜਥੇਦਾਰ ਹਜ਼ੂਰ ਸਿੰਘ ਬਾਗੜੀਆ, ਸਤਨਾਮ ਸਿੰਘ ਮਲੇਸ਼ੀਆ, ਭਾਈ ਮੇਹਰ ਸਿੰਘ ਜੀ ਅਨੰਦਪੁਰ ਸਾਹਿਬ, ਜਸਵਿੰਦਰ ਸਿੰਘ ਮੀਰਪੁਰ, ਮੇਜਰ ਸਿੰਘ ਅਨੰਦਪੁਰ ਸਾਹਿਬ, ਕੁਲਦੀਪ ਸਿੰਘ ਦਿਆਲਾ, ਜਥੇਦਾਰ ਜੁਝਾਰ ਸਿੰਘ ਫਤਿਹਪੁਰ, ਜਥੇਦਾਰ ਮਲੂਕ ਸਿੰਘ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ, ਸੰਤ ਬਾਬਾ ਬਲਵਿੰਦਰ ਸਿੰਘ, ਸੰਤ ਬਾਬਾ ਨਰਿੰਦਰ ਸਿੰਘ ਜੀ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਬਾਬਾ ਕਰਨੈਲ ਸਿੰਘ ਮੋਗੇ ਤੋਂ, ਸੰਤ ਬਾਬਾ ਚਮਕੌਰ ਸਿੰਘ ਭਾਈ ਰੂਪੇ ਪੰਜਗਰਾਈਆਂ ਨਿਰਮਲੇ ਸੰਪਰਦਾਏ ਵੱਲੋਂ, ਸੰਤ ਬਾਬਾ ਜਸਪਾਲ ਸਿੰਘ ਮਨਸੂਰਦੇਵਾ, ਸ. ਜਸਕਰਨ ਸਿੰਘ ਕਾਹਨਸਿੰਘ ਵਾਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਫਤਿਹ, ਸਿਕੰਦਰ ਸਿੰਘ ਬਗੂਣਾ, ਕਾਰਸੇਵਾ ਸਰਹਾਲੀ ਸਾਹਿਬ ਵੱਲੋਂ ਬਾਬਾ ਲਾਲ ਸਿੰਘ ਜੀ ਭੀਖੀ ਵਾਲੇ, ਬਾਬਾ ਸ਼ਮਸ਼ੇਰ ਸਿੰਘ ਜਗੇੜੇ ਵਾਲੇ, ਜਥੇਦਾਰ ਵਜੀਰ ਸਿੰਘ ਵਾਂ ਵਾਲੇ, ਭਾਈ ਗੁਰਭੇਜ ਸਿੰਘ ਭੈਣੀ ਮੱਸਾ ਸਿੰਘ, ਸੰਤ ਗਿਆਨ ਅਮੀਰ ਸਿੰਘ ਜੀ ਜਵੱਦੀ ਟਕਸਾਲ ਵੱਲੋਂ ਵੀ ਜਥਾ ਪਹੁੰਚਿਆ, ਜਥੇਦਾਰ ਨਛੱਤਰ ਸਿੰਘ ਪ੍ਰਧਾਨ ਅਸਟਰੀਆ, ਬਾਬਾ ਗੁਰਦੇਵ ਸਿੰਘ ਲੰਘਿਆਣਾ, ਸੰਤ ਬਾਬਾ ਲੀਡਰ ਸਿੰਘ ਜੀ ਸੈਫਲਾਬਾਦ ਵਾਲਿਆਂ ਵੱਲੋਂ ਸੰਗਤ ਪੁੱਜੀ, ਪ੍ਰਸਿੱਧ ਕਵੀਸ਼ਰੀ ਜਥਾ ਸੰਦੀਪ ਸਿੰਘ ਚੰਦਨ ਆਦਿ ਸਮੇਤ ਹੋਰ ਪ੍ਰਮੁੱਖ ਸਖਸ਼ੀਅਤਾਂ ਪੁੱਜੀਆਂ। ਨੁਮਾਇੰਦਾ ਇਕੱਠ ਦੀ ਸਮਾਪਤੀ ਦੌਰਾਨ ਇਸ ਇਕੱਠ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਜੀ ਕਾਂਉਂਕੇ ਦੇ ਧਰਮ ਪਤਨੀ ਮਾਤਾ ਗੁਰਮੇਲ ਕੌਰ ਜੀ ਨੂੰ ਸਮੂਹ ਪੰਥਕ ਧਿਰਾਂ ਦੇ ਆਗੂਆਂ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

## ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਗੁਰਦੁਆਰਾ ਸ੍ਰੀ ਟਾਹਲਾ ਸਾਹਿਬ ਵਿਖੇ

# ਬਾਬਾ ਦਰਸ਼ਨ ਸਿੰਘ ਜੀ ਦੀ ਅਗਵਾਈ ਵਿੱਚ ਸ਼ਰਧਾ ਨਾਲ ਮਨਾਇਆ ਗਿਆ

**ਤਖ਼ਤ ਹਜ਼ੂਰ ਸਾਹਿਬ ਦੇ ਪ੍ਰਬੰਧ ਚ ਸਰਕਾਰੀ ਦਖਲ ਅੰਦਾਜੀ ਨੂੰ ਕਿਸੇ ਤਰਾਂ ਵੀ ਬਰਦਾਸ਼ਤ ਨਹੀਂ ਕੀਤਾਂ ਜਾਵੇਗਾ: ਸ਼੍ਰੋਮਣੀ ਕਮੇਟੀ ਪ੍ਰਧਾਨ ਸ੍ਰ ਹਰਜਿੰਦਰ ਸਿੰਘ ਧਾਮੀ • ਸੰਤ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਵੱਲੋ ਪੰਥ ਦੀ ਚੜ੍ਹਦੀਕਲਾ ਲਈ ਪਾਏ ਜਾ ਰਹੇ ਯੋਗਦਾਨ ਦੀ ਕੀਤੀ ਸ਼ਲਾਘਾ...**













ਅੰਮ੍ਰਿਤਸਰ 10 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)– ਅਨੋਖੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸ਼ਹੀਦੀ ਅਸਥਾਨ ਗੁਰਦੁਆਰਾ ਸ੍ਰੀ ਟਾਹਲਾ ਸਾਹਿਬ, ਤਰਨ ਤਾਰਨ ਰੋਡ, ਪਿੰਡ ਚੱਬਾ ਵਿਖੇ ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਦਰਸ਼ਨ ਸਿੰਘ ਜੀ ਦੀ ਅਗਵਾਈ ਵਿੱਚ ਬੜੀ ਧੂਮ ਧਾਮ, ਸ਼ਰਧਾ ਅਤੇ ਖਾਲਸਾਈ ਚੜ੍ਹਦੀਕਲਾ ਦੇ ਵਿਚ ਮਨਾਇਆ ਗਿਆ। ਸਿੰਘ ਸਾਹਿਬਾਨ, ਤਰਨਾ ਦਲ, ਨਿਹੰਗ ਸਿੰਘ ਜਥੇਬੰਦੀਆਂ, ਦਮਦਮੀ ਟਕਸਾਲ, ਸ਼੍ਰੋਮਣੀ ਕਮੇਟੀ ਅਤੇ ਭਾਰੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਨੇ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਅਤੇ ਸਮੂਹ ਸ਼ਹੀਦਾਂ ਮੁਰੀਦਾਂ ਨੂੰ ਸਿਜਦਾ ਕੀਤਾ। ਇਸ ਮੌਕੇ ਸਿੱਖ ਆਗੂਆਂ ਤੇ ਜਥੇਬੰਦੀਆਂ ਨੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਨਾਂਦੇੜ ਗੁਰਦੁਆਰਾ ਬੋਰਡ ਵਿਚ ਮਹਾਰਾਸ਼ਟਰ ਸਰਕਾਰ ਵੱਲੋਂ ਸਿੱਖ ਸੰਸਥਾਵਾਂ ਦੇ ਮੈਂਬਰਾਂ ਦੀ ਗਿਣਤੀ ਘਟਾਉਣ ਦੀ ਕਾਰਵਾਈ ਦਾ ਸਖ਼ਤ ਨੋਟਿਸ ਲਿਆ ਅਤੇ ਸਿੱਖ ਕੌਮ ਨੂੰ ਆਪਸੀ ਮਤਭੇਦ ਭੁਲਾ ਕੇ ਇਕਜੁੱਟ ਹੋਣ ਦੀ ਅਪੀਲ ਕੀਤੀ। ਸਮਾਗਮ ਬਾਰੇ ਪ੍ਰੋ. ਸਰਚਾਂਦ ਸਿੰਘ ਵਲੋਂ ਦਿੱਤੀ ਜਾਣਕਾਰੀ ਅਨੁਸਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੇ ਸਿੱਖ ਨੌਜਵਾਨਾਂ ਨੂੰ ਬਾਣੀ ਤੇ ਬਾਣੇ ਨਾਲ ਜੁੜਨ ਅਤੇ ਕੌਮੀ ਸਰੋਕਾਰਾਂ ਪ੍ਰਤੀ ਜਾਗਰੂਕ ਹੋਣ ਦੀ ਅਪੀਲ ਕੀਤੀ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸ੍ਰ ਹਰਜਿੰਦਰ ਸਿੰਘ ਧਾਮੀ ਨੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਦਿਆਂ ਸੰਤ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਵੱਲੋ ਪੰਥ ਦੀ ਚੜ੍ਹਦੀਕਲਾ ਲਈ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਕੀਤੀ। ਸ. ਧਾਮੀ ਨੇ ਸੰਸਾਰ ਅਤੇ ਸਿੱਖ ਇਤਹਾਸ ਵਿੱਚ ਬਾਬਾ ਦੀਪ ਸਿੰਘ ਜੀ ਸ਼ਹੀਦ ਦੀ ਭੂਮਿਕਾ ਅਤੇ ਯੋਗਦਾਨ 'ਤੇ ਰੌਸ਼ਨੀ ਪਾਉਂਦਿਆਂ ਕਿਹਾ ਕਿ ਸੀਸ ਤਲੀ ਉਤੇ ਰੱਖ ਕੇ ਜਾਲਮਾਂ ਦੇ ਛੱਕੇ ਛੁਡਾਉਣ ਦਾ ਮਹਾਨ ਕਾਰਜ ਕੇਵਲ ਬਾਬਾ ਦੀਪ ਸਿੰਘ ਜੀ ਦੇ ਹਿੱਸੇ ਆਇਆ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਕਿਹਾ ਕਿ ਸਿੱਖੀ ਚ ਸਭ ਦਾ ਸਤਿਕਾਰ ਹੈ, ਪਰ ਸਿੱਖੀ ਸਿਧਾਂਤਾਂ ਨਾਲ ਖਿਲਵਾੜ ਨੂੰ ਬਰਦਾਸ਼ਤ ਨਹੀ ਕੀਤਾ ਜਾ ਸਕਦਾ। ਉਹਨਾਂ ਕਹਾ ਕਿ ਪਹਿਲਾਂ ਗੁਰਦਵਾਰਿਆਂ ਉਤੇ ਸਿੱਧੇ ਹਮਲੇ ਹੁੰਦੇ ਸਨ, ਜਿਨ੍ਹਾਂ ਦਾ ਬਹਾਦਰੀ ਨਾਲ ਟਾਕਰਾ ਕੀਤਾ ਜਾਂਦਾ ਸੀ। ਪਰ ਹੁਣ ਸਿੱਖੀ ਸਿਧਾਂਤਾਂ ਉਤੇ ਅਸਿੱਧੇ ਤੌਰ 'ਤੇ ਸੱਟਾਂ ਮਾਰੀਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਤਖ਼ਤ ਸ੍ਰੀ ਹਜ਼ੂਰ ਸਾਹਿਬ ਬੋਰਡ ਦੇ ਐਕਟ ਵਿੱਚ ਮਹਾਰਾਸ਼ਟਰ ਸਰਕਾਰ ਵੱਲੋਂ ਮਨਮਰਜ਼ੀ ਨਾਲ ਸੋਧ ਕਰਕੇ ਸਿੱਖ ਗੁਰਦੁਆਰਿਆਂ ਦੇ ਪ੍ਰਬੰਧ ਵਿਚ ਸਰਕਾਰ ਵੱਲੋਂ ਕੀਤੀ ਜਾ ਰਹੀ ਸਿੱਧੀ ਅਸਿੱਧੀ ਦਖਲ ਅੰਦਾਜੀ ਨੂੰ ਕਿਸੇ ਤਰਾਂ ਵੀ ਬਰਦਾਸ਼ਤ ਨਹੀਂ ਕੀਤਾਂ ਜਾਵੇਗਾ। ਉਹਨਾਂ ਕੌਮ ਨੂੰ ਇਸ ਮੁੱਦੇ 'ਤੇ ਇਕਜੁੱਟ ਹੋਣ ਦਾ ਹੋਕਾ ਦਿੰਦਿਆਂ ਕਿਹਾ ਕਿ ਅੱਜ ਇਸ ਲੁਕਵੇਂ ਏਜੰਡੇ ਪ੍ਰਤੀ ਕੌਮ ਨਾ ਜਾਗਿਆ ਤਾਂ ਭਵਿੱਖ਼ ਵਿਚ ਵੱਡਾ ਨੁਕਸਾਨ ਹੋਵੇਗਾ। ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਜਥੇਦਾਰ ਬਾਬਾ ਜੋਗਾ ਸਿੰਘ ਨੇ ਕਿਹਾ ਕਿ ਹਜ਼ੂਰ ਸਾਹਿਬ ਬੋਰਡ ਬਾਰੇ ਸਰਕਾਰ ਦੇ ਫੈਸਲੇ ਨਾਲ ਸਿੱਖਾਂ ਵਿਚ ਭਾਰੀ ਰੋਸ ਹੈ। ਸਰਕਾਰ ਨੂੰ ਆਪਣਾ ਫੈਸਲਾ ਵਾਪਸ ਲੈਣਾ ਚਾਹੀਦਾ ਹੈ। ਭਾਈ ਰਾਜਿੰਦਰ ਸਿੰਘ ਮਹਿਤਾ ਅਤੇ ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ ਨੇ ਕਹਾ ਕਿ ਜੋ ਵੀ ਹਜ਼ੂਰ ਸਾਹਿਬ ਦੇ ਜਥੇਦਾਰ ਗਿਆਨੀ ਕੁਲਵੰਤ ਸਿੰਘ ਦਾ ਫੈਸਲਾ ਹੋਵੇਗਾ, ਉਸ ਦੀ ਤਾਮੀਲ ਹੋਵੇਗੀ। ਇਸ ਮੌਕੇ ਸ਼ਹੀਦੀ ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਜਥੇਬੰਦੀਆਂ ਦੇ ਆਗੂਆਂ ਨੂੰ ਸਿਰੋਪਾਓ ਨਾਲ ਸਨਮਾਨਿਤ ਕੀਤਾ। ਉਹਨਾਂ ਦੱਸਿਆ ਕਿ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਏ ਪੰਜ ਪਿਆਰਿਆਂ ਤੋਂ ਅੰਮ੍ਰਿਤ ਛਕ ਕੇ 65 ਪ੍ਰਾਣੀ ਗੁਰੂ ਵਾਲੇ ਬਣੇ ਹਨ। ਭਾਈ ਸੂਰਤਾ ਸਿੰਘ ਨੇ ਸਟੇਜ ਸੈਕਟਰੀ ਵਜੋਂ ਬਾਖ਼ੂਬੀ ਸੇਵਾ ਨਿਭਾਈ। ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ, ਗਿਆਨੀ ਰਾਜਦੀਪ ਸਿੰਘ ਸ੍ਰੀ ਦਰਬਾਰ ਸਾਹਿਬ, ਗਿਆਨੀ ਅਮਰਜੀਤ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਗਿਆਨੀ ਬਲਜੀਤ ਸਿੰਘ ਸ੍ਰੀ ਦਰਬਾਰ ਸਾਹਿਬ, ਗਿਆਨੀ ਮਲਕੀਤ ਸਿੰਘ ਹੈਡ ਗ੍ਰੰਥੀ ਸ੍ਰੀ ਅਕਾਲ ਤਖ਼ਤ ਸਾਹਿਬ, ਜਥੇਦਾਰ ਬਾਬਾ ਬਲਬੀਰ ਸਿੰਘ ਦਲ ਪੰਥ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਗਿਆਨੀ ਸਾਹਿਬ ਸਿੰਘ ਦਮਦਮੀ ਟਕਸਾਲ, ਬਾਬਾ ਬੰਤਾ ਸਿੰਘ ਦਲ ਬਿਧੀ ਚੰਦ, ਬਾਬਾ ਸੰਤ ਸਿੰਘ ਮੁੰਡਾ ਪਿੰਡ, ਬਾਬਾ ਗੁਰਭੇਜ ਸਿੰਘ ਖਜਾਲਾ ਬੁਲਾਰਾ ਸੰਤ ਸਮਾਜ, ਬਾਬਾ ਗੁਰਨਾਮ ਸਿੰਘ ਡਰੋਲੀ, ਗਿਆਨੀ ਵਿਸ਼ਾਲ ਸਿੰਘ ਕਥਾਵਾਚਕ, ਬਾਬਾ ਨਾਹਰ ਸਿੰਘ ਦਲ ਬਾਬਾ ਬਿਧੀ ਚੰਦ, ਬਲਬੀਰ ਸਿੰਘ ਪਾਰਸ, ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਕੇਂਦਰ, ਬੀਬੀ ਡਾਲਰ ਕੌਰ ਖਾਲਸਾ, ਭਾਈ ਕੰਵਰ ਚੜ੍ਹਤ ਸਿੰਘ, ਬਾਬਾ ਸੱਜਣ ਸਿੰਘ ਬੇਰ ਸਾਹਿਬ, ਬਾਬਾ ਰਾਮ ਸਿੰਘ, ਬਲਜੀਤ ਸਿੰਘ ਸਰਪੰਚ, ਕੰਵਲਜੀਤ ਸਿੰਘ ਚੈਅਰਮੈਨ, ਬਾਬਾ ਬਲਦੇਵ ਸਿੰਘ ਬੁੱਢਾ ਦਲ ਘੋੜਿਆਂ ਵਾਲੇ, ਮਾਤਾ ਸਰਬਜੀਤ ਕੌਰ ਛਾਬੜੀ ਸਾਹਿਬ, ਬਾਬਾ ਬੁੱਧ ਸਿੰਘ ਘੁੰਮਣ, ਸਰਪੰਚ ਅਵਤਾਰ ਸਿੰਘ ਮਾਲਾ ਛੰਨਾ, ਭਾਈ ਸੁਖਦੇਵ ਸਿੰਘ ਫ਼ਰਾਸ, ਭਾਈ ਬਲਜੀਤ ਸਿੰਘ ਫਰਾਸ, ਭਾਈ ਕੁਲਵੰਤ ਸਿੰਘ, ਭਾਈ ਦਿਲਬਾਗ ਸਿੰਘ, ਭਾਈ ਕੁਲਵੰਤ ਸਿੰਘ, ਭਾਈ ਸੁਖਜੀਤ ਸਿੰਘ, ਭਾਈ ਸੁਖਵਿੰਦਰ ਸਿੰਘ, ਭਾਈ ਮੰਗਲ ਸਿੰਘ, ਭਾਈ ਪਰਮਜੀਤ ਸਿੰਘ, ( ਸਾਰੇ ਪੰਜ ਪਿਆਰੇ) ਭਾਈ ਤਰਸੇਮ ਸਿੰਘ ਪ੍ਰਚਾਰਕ, ਭਾਈ ਅਵਤਾਰ ਸਿੰਘ ਸਰਪੰਚ, ਹਰਪ੍ਰੀਤ ਸਿੰਘ ਬਹੋੜੂ , ਹਰਜੀਤ ਸਿੰਘ ਬੋਹੜੂ, ਭਾਈ ਹਰਦੇਵ ਸਿੰਘ ਸਰਪੰਚ, ਸ਼ਮਸ਼ੇਰ ਸਿੰਘ ਕੌਸਲਾਰ, ਗੋਸਬਾਦ, ਭਾਈ ਕੁਲਦੀਪ ਸਿੰਘ ਪੰਡੋਰੀ, ਭਾਈ ਅਮਰਜੀਤ ਸਿੰਘ, ਬਿਕਰਮਜੀਤ ਸਿੰਘ ਮੀਤ ਮੈਨੇਜਰ ਸ੍ਰੀ ਦਰਬਾਰ ਸਾਹਿਬ, ਭਾਈ ਅਵਤਾਰ ਸਿੰਘ, ਭਾਈ ਗੁਰਸਾਹਿਬ ਸਿੰਘ ਟਾਹਲਾ ਸਾਹਿਬ, ਭਾਈ ਕਸ਼ਮੀਰ ਸਿੰਘ ਪ੍ਰਧਾਨ ਬਾਬਾ ਦੀਪ ਸਿੰਘ ਸ਼ਹੀਦ ਟਰੱਸਟ ਗੁਰਦੁਆਰਾ ਟਾਹਲਾ ਸਾਹਿਬ, ਮੈਨੇਜਰ ਰਣਦੀਪ ਸਿੰਘ ਟਾਹਲਾ ਸਾਹਿਬ, ਮਹੰਤ ਭਾਈ ਅਮਰਦੀਪ ਸਿੰਘ ਆਦਿ ਮੌਜੂਦ ਸਨ। ਸਮਾਗਮ ਉਪਰੰਤ ਜ਼ਿਲ੍ਹਾ ਪੱਧਰੀ ਟੀਮਾਂ ਦਾ ਕੱਬਡੀ ਦਾ ਮੈਚ ਕਰਾਇਆ ਗਿਆ ਅਤੇ ਜੇਤੂ ਟੀਮਾਂ ਨੂੰ ਇਨਾਮ ਵੰਡੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV


ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ॥
ਦੁਸਹਿਰਾ ਸਮਾਗਮ
ਦਮਦਮੀ ਟਕਸਾਲ ਦੇ ਮੁਖੀ
ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ
ਸਤਿਕਾਯੋਗ ਮਾਮਾ ਜੀ ਅਤੇ ਸਾਡੇ ਤਾਇਆ ਜੀ
ਸਰਦਾਰ ਕਰਨੈਲ ਸਿੰਘ ਜੀ ਪੰਜੋਖਰਾ ਸਹਿਬ ਵਾਲਿਆਂ
ਦਾ ਦੁਸਹਿਰਾ ਸਮਾਗਮ
ਗੁ: ਸ੍ਰੀ ਪੰਜੋਖਰਾ ਸਹਿਬ
13 ਫਰਵਰੀ 2024, ਮੰਗਲਵਾਰ
ਸਵੇਰ 11:00 ਤੋਂ 01:00
ਬੇਨਤੀ ਕਰਤਾ:- ਸਮੂਹ ਪਰਿਵਾਰ
ਸੰਪਰਕ:- 9896813568, 9416931156


ਸ਼ਬਦ ਸਚੀ ਟਕਸਾਲ
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating
Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ
ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ
ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ
ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ
ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ
ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ
ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ
ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ
ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਦੇਗ ਤੇਗ ਫਤਹਿ॥ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥ ਪੰਥ ਕੀ ਜੀਤ॥

## ਧੰਨ-ਧੰਨ 108

# ਸ਼੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦਾ ਜਨਮ ਦਿਹਾੜਾ

# ਮਿਤੀ 16, 17, 18 ਫ਼ਰਵਰੀ 2024 ਨੂੰ

ਗੁਰਦਵਾਰਾ ਸਾਹਿਬ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਵਿਖੇ ਮਨਾਇਆ ਜਾ ਰਿਹਾ ਹੈ।



## ਵਿਸ਼ੇਸ਼ ਪ੍ਰੋਗਰਾਮ:

16-2-2024 ਦਿਨ ਸ਼ੁਕਰਵਾਰ

ਅਰੰਭ ਦੋ ਸ੍ਰੀ ਅਖੰਡ ਪਾਠ ਸਾਹਿਬ ਜੀ 11 ਵਜੇ ਸਵੇਰੇ।

18-2-2024 ਦਿਨ ਐਤਵਾਰ

ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ।

16-17 ਫ਼ਰਵਰੀ ਨੂੰ 7 ਤੋਂ 8 ਵਜੇ ਤਕ ਸ਼ਾਮ ਦੇ ਦੀਵਾਨ ਸਜਣਗੇ

ਭੋਗ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ ਜਿਸ ਵਿਚ ਬੁਲਾਰੇ ਅਤੇ ਹੋਰ ਗੁਣੀ ਗਿਆਨੀ ਸੰਗਤਾਂ ਨੂੰ ਵਾਰਾਂ ਰਾਹੀਂ ਨਿਹਾਲ ਕਰਨਗੇ।

ਇਸ ਮੌਕੇ ਗੁਰੂ ਕਾ ਲੰਗਰ ਤਿੰਨੋ ਦਿਨ ਅਤੁੱਟ ਵਰਤੇਗਾ।

ਸਮੂਹ ਸੰਗਤ ਜੀ ਦੇ ਚਰਨਾਂ ਵਿਚ ਬੇਨਤੀ ਹੈ ਕਿ ਇਸ ਧਾਰਮਿਕ ਸਮਾਗਮ ਵਿਚ ਹੁੰਮ ਹੁੰਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**ਵਲੋਂ:-** ਸਮੂਹ ਸੰਗਤ ਅਤੇ ਨਗਰ ਨਿਵਾਸੀ ਪਿੰਡ ਬੱਲੋਵਾਲ (ਸ਼ਹੀਦ ਭਗਤ ਸਿੰਘ ਨਗਰ) ਅਤੇ ਗੁਰਦਵਾਰਾ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਦੀ ਪ੍ਰਬੰਧਕ ਕਮੇਟੀ।

# Gurdwara Baba Sang Ji

7-9 St. Pauls Road, Smethwick, Birmingham, West Midlands B66 1EE Tel: 0121 558 2681





### ਸਮਰਾਲਾ ਵਰਕਰ ਕਨਵੈਨਸ਼ਨ ਲਈ ਜ਼ਿਲਾ ਬਠਿੰਡਾ ਦਿਹਾਤੀ ਦੀਆਂ ਤਿਆਰੀਆਂ ਮੁਕੰਮਲ

# ਵਰਕਰਾਂ ਅਤੇ ਅਹੁਦੇਦਾਰਾਂ 'ਚ ਭਾਰੀ ਉਤਸਾਹ: ਜਟਾਣਾ

**ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਸਮੇਤ ਜਿਲੇ ਦੇ ਵੱਖ-ਵੱਖ ਹਲਕਿਆਂ ਤੋਂ ਵਰਕਰ ਹੋਣਗੇ ਕਨਵੈਨਸ਼ਨ ਵਿੱਚ ਸ਼ਾਮਿਲ • ਕਰੀਬ 40 ਹਜਾਰ ਤੋਂ ਵੱਧ ਵਰਕਰਾਂ ਨੂੰ ਅਹੁਦੇਦਾਰ ਨਿਯੁਕਤ ਕੀਤਾ ਗਿਆ ਹੈ ਜਿਸ ਕਰਕੇ ਬੂਥ ਪੱਧਰ 'ਤੇ ਕਾਂਗਰਸ ਪਾਰਟੀ ਮਜਬੂਤ ਹੋਈ ਹੈ ਜਿਸਦਾ.....**





ਤਲਵੰਡੀ ਸਾਬੋ,10 ਫਰਵਰੀ (ਗੁਰਜੰਟ ਸਿੰਘ ਨਥੇਹਾ)- ਕਾਂਗਰਸ ਪਾਰਟੀ ਵੱਲੋਂ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਵਿੱਚ ਪਹਿਲੀ ਵਾਰ ਪੰਜਾਬ ਦੇ ਸਮਰਾਲਾ ਵਿਖੇ ਵਰਕਰ ਕਨਵੈਨਸ਼ਨ ਕੀਤੀ ਜਾ ਰਹੀ ਹੈ ਜਿਸ ਵਿੱਚ ਕੌਮੀ ਪ੍ਰਧਾਨ ਮਲਕਾ ਅਰਜੁਨ ਖੜਗੇ ਸਮੇਤ ਲੀਡਰਸ਼ਿਪ ਪਹੁੰਚ ਰਹੀ ਹੈ ਜਿਸ ਲਈ ਵਰਕਰਾਂ ਅਤੇ ਅਹੁਦੇਦਾਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਹ ਜਾਣਕਾਰੀ ਜਿਲਾ ਕਾਂਗਰਸ ਕਮੇਟੀ ਬਠਿੰਡਾ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਖੁਸ਼ਬਾਜ ਸਿੰਘ ਜਟਾਣਾ ਨੇ ਇਸ ਕਨਵੈਨਸ਼ਨ ਲਈ ਵਰਕਰਾਂ ਨਾਲ ਕੀਤੀ ਮੀਟਿੰਗ ਅਤੇ ਡਿਊਟੀਆਂ ਲਾਉਣ ਉਪਰੰਤ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਇਸ ਵਰਕਰ ਕਨਵੈਂਸ਼ਨ ਲਈ ਵਰਕਰਾਂ ਅਤੇ ਅਹੁਦੇਦਾਰਾਂ ਵੱਲੋਂ ਪੂਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ, ਜਿਲਾ ਬਠਿੰਡਾ ਦਿਹਾਤੀ ਦੀ ਸਮੁੱਚੀ ਲੀਡਰਸ਼ਿਪ, ਵੱਖ-ਵੱਖ ਵਿੰਗਾਂ ਦੇ ਅਹੁਦੇਦਾਰ, ਬਲਾਕ ਪ੍ਰਧਾਨ ਅਤੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਸਮੇਤ ਵੱਖ-ਵੱਖ ਹਿੱਸਿਆਂ ਤੋਂ ਬੂਥ ਕਮੇਟੀਆਂ ਦੇ ਸਮੁੱਚੇ ਮੈਂਬਰ ਕਾਫਲੇ ਦੇ ਰੂਪ ਵਿੱਚ ਰਵਾਨਾ ਹੋਣਗੇ ਅਤੇ ਇਸ ਵਰਕਰ ਕਨਵੈਂਸ਼ਨ ਵਿੱਚ ਸ਼ਾਮਿਲ ਹੋਣਗੇ। ਉਹਨਾਂ ਕਿਹਾ ਕਿ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਵਿੱਚ ਇਹ ਵੱਡਾ ਉਪਰਾਲਾ ਹੈ ਕਿ ਬੂਥ ਪੱਧਰ ਤੱਕ ਕਾਂਗਰਸ ਨੂੰ ਮਜਬੂਤ ਕੀਤਾ ਗਿਆ ਜਿਸ ਲਈ ਕਰੀਬ 40 ਹਜਾਰ ਤੋਂ ਵੱਧ ਵਰਕਰਾਂ ਨੂੰ ਅਹੁਦੇਦਾਰ ਨਿਯੁਕਤ ਕੀਤਾ ਗਿਆ ਹੈ ਜਿਸ ਕਰਕੇ ਬੂਥ ਪੱਧਰ 'ਤੇ ਕਾਂਗਰਸ ਪਾਰਟੀ ਮਜਬੂਤ ਹੋਈ ਹੈ ਜਿਸ ਦਾ ਫਾਇਦਾ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਨੂੰ ਮਿਲੇਗਾ। ਇਸ ਮੌਕੇ ਉਹਨਾਂ ਪੰਜਾਬ ਦੀ ਮੌਜੂਦਾ ਸਥਿਤੀ 'ਤੇ ਚਿੰਤਾ ਜਾਹਰ ਕਰਦੇ ਹੋਏ ਕਿਹਾ ਕਿ ਪੰਜਾਬ ਦੇ ਹਾਲਾਤ ਬਦ ਤੋਂ ਬਦਤਰ ਹੋ ਚੁੱਕੇ ਹਨ ਪਰ ਇਸ ਪਾਸੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਕੋਈ ਧਿਆਨ ਨਹੀਂ ਜਿਸ ਪਾਸੇ ਉਹਨਾਂ ਨੂੰ ਗੰਭੀਰਤਾ ਨਾਲ ਧਿਆਨ ਦੇਣ ਦੀ ਜਰੂਰਤ ਹੈ। ਇਸ ਮੌਕੇ ਉਨਾਂ ਦੇ ਨਾਲ ਰਣਜੀਤ ਸਿੰਘ ਸੰਧੂ, ਲਖਵਿੰਦਰ ਸਿੰਘ ਲੱਕੀ, ਕ੍ਰਿਸ਼ਨ ਸਿੰਘ ਭਾਗੀਵਾਂਦਰ, ਦਰਸ਼ਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨਹਿਰੂ ਯੁਵਾ ਕੇਂਦਰ ਸੰਗਰੂਰ ਵੱਲੋਂ ਕਰਵਾਈ ਜਾ ਰਹੀ ਆਨਲਾਈਨ ਜਿਲ੍ਹਾ ਯੂਥ ਪਾਰਲੀਮੈਂਟ

ਸੰਗਰੂਰ, 10 ਫਰਵਰੀ ( ਰਣਜੀਤ ਸਿੰਘ ਪੇਧਨੀ )- ਯੁਵਾ ਮਾਮਲੇ ਅਤੇ ਖੇਡ ਮੰਤਰਾਲਾ ਭਾਰਤ ਸਰਕਾਰ ਦੇ ਅਦਾਰੇ ਨਹਿਰੂ ਯੁਵਾ ਕੇਂਦਰ ਸੰਗਰੂਰ ਵੱਲੋ ਜਿਲ੍ਹਾ ਯੂਥ ਪਾਰਲੀਮੈਂਟ ਵਿੱਚ ਭਾਗ ਲੈਣ ਲਈ ਅਰਜ਼ੀਆਂ ਦੀ ਮੰਗ ਕੀਤੀ ਜਾ ਰਹੀ ਹੈ। ਇਸ ਮੌਕੇ ਜਿਲਾ ਯੂਥ ਅਫਸਰ ਰਾਹੁਕ ਸੈਣੀ ਸਿੰਘ ਨੇ ਕਿਹਾ ਕਿ ਨਹਿਰੂ ਯੁਵਾ ਕੇਂਦਰ ਸੰਗਰੂਰ ਵਲੋਂ ਜਿਲ੍ਹਾ ਯੂਥ ਪਾਰਲੀਮੈਂਟ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਵਿਚ ਕੇ ਯੁਵਾਵਾਂ ਨੂੰ ਮੌਕਾ ਦਿੱਤਾ ਜਾ ਰਿਹਾ ਹੈ ਜਿਲ੍ਹਾ ਯੂਥ ਪਾਰਲੀਮੈਂਟ ਵਿੱਚ ਭਾਗ ਲੈਣ ਵਾਲੇ ਯੁਵਾਵਾ ਦੇ ਲਈ 3 ਵਿਸੇ ਹਨ ਜਿਵੇ ਕਿ ਪਹਿਲਾ ਵਿਸਾ ਭਾਰਤ ਨੂੰ ਇੱਕ ਗਲੋਬਲ ਲੀਡਰ ਬਣਾਉਣਾ: ਭਾਰਤ ਦੀ ਆਰਥਿਕ ਸ਼ਕਤੀ ਨੂੰ ਹੁਲਾਰਾ ਦੇਣ ਵਿੱਚ ਨੌਜਵਾਨ ਉੱਦਮੀਆਂ ਦੀ ਭੂਮਿਕਾ, ਦੂਸਰਾ ਵਿਸ਼ਾ ਆਤਮਨਿਰਭਰ ਤੋਂ ਵਿਕਸ਼ਿਤ ਭਾਰਤ ਤੱਕ: ਨੌਜਵਾਨਾਂ ਦੁਆਰਾ ਸੰਚਾਲਿਤ ਭਾਰਤ ਦੇ ਵਿਕਾਸ ਟ੍ਰੈਜੈਕਟਰੀ ਨੂੰ ਚਾਰਟ ਕਰਨਾ, ਤੀਸਰਾ ਵਿਸ਼ਾ ਭਵਿੱਖ ਦਾ ਸਸ਼ਕਤੀਕਰਨ: ਨੌਜਵਾਨਾਂ ਦੀ ਅਗਵਾਈ ਵਾਲੀ ਪਹਿਲਕਦਮੀ ਇੱਕ ਜ਼ਿੰਮੇਵਾਰ ਭਾਈਚਾਰੇ ਲਈ ਰਾਹ ਪੱਧਰਾ ਕਰਦੀ ਹਨ,ਤੇ ਭਾਗੀਦਾਰ ਦੀ ਉਮਰ 18 ਤੋ 25 ਸਾਲ ਦੀ ਹੋਣੀ ਚਾਹੀਦੀ ਹੈ ਭਾਸ਼ਣ ਵੱਧ ਤੋਂ ਵੱਧ 4 ਮਿੰਟਾਂ ਦਾ ਹੋ ਸਕਦਾ ਹੈ ਅਤੇ ਭਾਸ਼ਾ ਪੰਜਾਬੀ, ਹਿੰਦੀ ਜਾਂ ਅੰਗਰੇਜ਼ੀ ਹੋ ਸਕਦੀ ਹੈ। ਇਹ ਮੁਕਾਬਲੇ ਜਿਲਾ , ਰਾਜ ਪੱਧਰ ਅਤੇ ਕੌਮੀ ਪੱਧਰ ਤੇ ਕਰਵਾਏ ਜਾਣਗੇ। ਜਿਲਾ ਪੱਧਰ ਤੇ ਪਹਿਲੇ ਸਥਾਨ ਤੇ ਦੂਸਰੇ ਸ਼ਥਾਨ ਤੇ ਆਉਣ ਵਾਲਾ ਪ੍ਰਤੀਭਾਗੀ ਰਾਜ ਪੱਧਰ ਤੇ ਹੋਣ ਵਾਲੇ ਮੁਕਾਬਲੇ ਵਿਚ ਭਾਗ ਲੈ ਸਕਦਾ ਹੈ ।ਇਸ ਮੁਕਾਬਲੇ ਵਿਚ ਨਾਮ ਦੇਣ ਦੀ ਆਖਰੀ ਮਿਤੀ 12 ਫਰਵਰੀ ਹੈ। ਜਿਹੜਾ ਵੀ ਯੁਵਾ ਇਸ ਮੁਕਾਬਲੇ ਵਿਚ ਭਾਗ ਲੈਣਾ ਚਾਹੁੰਦਾ ਹੈ ਉਹ ਨਹਿਰੂ ਯੁਵਾ ਕੇਂਦਰ ਸੰਗਰੂਰ ਦੇ ਦਫਤਰ, ਵਿਖੇ ਦਫ਼ਤਰੀ ਸਮੇਂ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤਕ ਸੰਪਰਕ ਕਰ ਸਕਦਾ ਹੈ ਜਾ ਮੋਬਾਈਲ ਨੰਬਰ ਰਾਹੀ 8279508167 ,7014454856 ਵੀ ਕਰ ਸਕਦੇ ਹਾ

# ਸਰਕਾਰ ਤੁਹਾਡੇ ਦੁਆਰ ਸਕੀਮ ਨੇ ਲੋਕਾਂ ਦਾ ਦਿਲ ਜਿੱਤਿਆ: ਸੋਨੀ ਸੁਲਤਾਨਪੁਰ



ਧੂਰੀ, 10 ਫਰਵਰੀ (ਰਣਜੀਤ ਸਿੰਘ ਪੇਧਨੀ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 'ਆਪ ਦੀ ਸਰਕਾਰ ਆਪ ਦੇ ਦੁਆਰ' ਦੀ ਸੁਰੂਆਤ ਕੀਤੀ ਗਈ ਹੈ ਜਿਸ ਦਾ ਲੋਕ ਭਲਾਈ ਸਕੀਮਾਂ ਦਾ ਲੋਕ ਲਾਭ ਉਠਾ ਰਹੇ ਹਨ ਅਤੇ ਇਸ ਦੇ ਨਾਲ ਮਾਨ ਸਰਕਾਰ ਨੇ ਲੋਕਾਂ ਦਾ ਦਿਲ ਜਿੱਤਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ ਸੋਨੀ ਸੁਲਤਾਨਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਧੂਰੀ ਹਲਕੇ ਦੇ ਵਿੱਚ ਵਿਕਾਸ ਦੀ ਹਨੇਰੀ ਚੱਲ ਰਹੀ ਹੈ ਪੂਰੇ ਹਲਕੇ ਵਿੱਚ ਪ੍ਰੋਫੈਸਰ ਓਂਕਾਰ ਸਿੰਘ ਓਐਸਡੀ ਮੁੱਖ ਮੰਤਰੀ ਦਫਤਰ ਇੰਚਾਰਜ ਅੰਮ੍ਰਿਤ ਬਰਾੜ ਅਤੇ ਅਮੀਰ ਸਿੰਘ ਪਿੰਡਾਂ ਵਿੱਚ ਵਿਕਾਸ ਕਾਰਜਾਂ ਦਾ ਜਾਇਜ਼ਾ ਲੈ ਰਹੇ ਹਨ ਅਤੇ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਬਾਰੇ ਚਾਨਣਾ ਪਾ ਕੇ ਲੋਕਾਂ ਨੂੰ ਪਿੰਡਾਂ ਵਿੱਚ ਜਾ ਕੇ ਵੱਧ ਤੋਂ ਵੱਧ ਜਾਗਰੂਕ ਕਰ ਰਹੇ ਹਨ।





### ਗੁਰੂ ਅਮਰਦਾਸ ਥਰਮਲ ਪਲਾਂਟ ਗੋਇੰਦਵਾਲ ਪੰਜਾਬ ਦੇ ਲੋਕਾਂ ਨੂੰ

# ਮੁੱਖ ਮੰਤਰੀ ਪੰਜਾਬ ਤੇ ਦਿੱਲੀ ਦੇ ਮੁੱਖ ਮੰਤਰੀ ਕੇਜਰੀਵਾਲ ਅੱਜ ਕਰਨਗੇ ਸਮਰਪਿਤ: ਈ.ਟੀ.ਓ.



ਆਵਾਜ਼ਿ ਕੌਮ AWAZE QAUM International Newspaper & WEB TV

ਜੰਡਿਆਲਾ ਗੁਰੂ, 10 ਫਰਵਰੀ ( ਕੁਲਵੰਤ ਸਿੰਘ ਵਿਰਦੀ) ਪੰਜਾਬ ਦੇ ਬਿਜਲੀ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਅੱਜ ਗੋਇੰਦਵਾਲ ਸਾਹਿਬ ਥਰਮਲ ਪਲਾਂਟ ਦਾ ਦੌਰਾ ਕਰਦੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਅੱਜ 11 ਫਰਵਰੀ ਨੂੰ 540 ਮੈਗਾਵਾਟ ਸਮਰੱਥਾ ਵਾਲੇ ਗੁਰੂ ਅਮਰਦਾਸ ਥਰਮਲ ਪਾਵਰ ਲਿਮਟਿਡ (ਜੀ.ਏ.ਟੀ.ਪੀ.ਐਲ), ਗੋਇੰਦਵਾਲ ਸੂਬੇ ਦੇ ਲੋਕਾਂ ਨੂੰ ਸਮਰਪਿਤ ਕਰਨਗੇ।ਬਿਜਲੀ ਮੰਤਰੀ ਨੇ ਕਿਹਾ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ) ਨੇ 12 ਜਨਵਰੀ, 2024 ਨੂੰ ਜੀਏਟੀਪੀਐਲ ਨੂੰ ਸ਼ਾਮਲ ਕੀਤਾ ਸੀ ਅਤੇ 07 ਫਰਵਰੀ, 2024 ਨੂੰ ਅਧਿਗ੍ਰਹਿਣ ਪ੍ਰਕਿਰਿਆ ਪੂਰੀ ਹੋਣ ਨਾਲ ਜੀ.ਵੀ.ਕੇ ਪਾਵਰ (ਗੋਇੰਦਵਾਲ ਸਾਹਿਬ) ਲਿਮਟਿਡ ਜੀ.ਏ.ਟੀ.ਪੀ.ਐਲ ਦੀ ਪੂਰੀ ਮਲਕੀਅਤ ਵਾਲੀ ਸਹਾਇਕ ਕੰਪਨੀ ਬਣ ਗਈ ਹੈ। ਉਨ੍ਹਾਂ ਕਿਹਾ ਕਿ ਹੁਣ ਜੀ.ਵੀ.ਕੇ ਪਾਵਰ (ਗੋਇੰਦਵਾਲ ਸਾਹਿਬ) ਲਿਮਟਿਡ ਦਾ ਇਹ ਤਾਪ ਬਿਜਲੀ ਘਰ ਪੂਰੀ ਤਰ੍ਹਾਂ ਪੰਜਾਬ ਸਰਕਾਰ ਦੀ ਜਾਇਦਾਦ ਹੈ। ਉਨ੍ਹਾਂ ਕਿਹਾ ਕਿ ਤੀਸਰੇ ਗੁਰੂ ਸ੍ਰੀ ਗੁਰੂ ਅਮਰਦਾਸ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਨਗਰੀ ਗੋਇੰਦਵਾਲ ਸਾਹਿਬ ਵਿਖੇ ਸਥਾਪਤ ਇਸ ਥਰਮਲ ਪਲਾਂਟ ਦਾ ਨਾਮ ਵੀ ਸ੍ਰੀ ਗੁਰੂ ਅਮਰਦਾਸ ਥਰਮਲ ਪਲਾਂਟ ਰੱਖਿਆ ਗਿਆ ਹੈ।ਬਿਜਲੀ ਮੰਤਰੀ ਨੇ ਕਿਹਾ ਕਿ ਇਸ ਪ੍ਰਾਪਤੀ ਨਾਲ ਜੀ.ਵੀ.ਕੇ ਪਾਵਰ (ਗੋਇੰਦਵਾਲ ਸਾਹਿਬ) ਲਿਮਟਿਡ ਵੱਲੋਂ ਕੀਤੇ ਗਏ 3000 ਕਰੋੜ ਰੁਪਏ ਦੀ ਦੇਣਦਾਰੀ ਵਾਲੇ ਕੇਸ ਖਤਮ ਹੋ ਜਾਣਗੇ, ਇਸ ਤਰ੍ਹਾਂ ਸੂਬੇ ਦੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੇ ਬਿਜਲੀ ਦਰ੍ਹਾਂ ਦੇ ਅਚਾਨਕ ਵਾਧੇ ਵਾਲੇ ਝਟਕਿਆਂ ਤੋਂ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਸੂਬੇ ਦੇ ਬਿਜਲੀ ਖਪਤਕਾਰਾਂ ਨੂੰ ਸਸਤੀ ਬਿਜਲੀ ਮੁਹੱਈਆ ਕਰਨ ਵਿੱਚ ਮਦਦ ਮਿਲੇਗੀ ਉਥੇ ਹੀ ਬਿਜਲੀ ਦੀ ਉਪਲਬਧਤਾ ਵਿੱਚ ਵੀ ਸੁਧਾਰ ਹੋਵੇਗਾ।ਸ. ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਇਸ ਪਲਾਂਟ ਨੂੰ ਕਿਫ਼ਾਇਤੀ ਢੰਗ ਨਾਲ ਚਲਾਉਣ ਲਈ ਪਛਵਾੜਾ ਖਾਣ ਵਿੱਚੋਂ ਕੋਲਾ ਮੁਹੱਈਆ ਕਰਵਾਉਣ ਲਈ ਕੇਂਦਰੀ ਬਿਜਲੀ ਮੰਤਰਾਲੇ ਨਾਲ ਗੱਲਬਾਤ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਰਾਜ ਨੂੰ ਲਗਭਗ 300 ਕਰੋੜ ਰੁਪਏ ਦੀ ਸਾਲਾਨਾ ਬੱਚਤ ਹੋਵੇਗੀ। ਉਨ੍ਹਾਂ ਦੱਸਿਆ ਕਿ ਤਾਪ ਬਿਜਲੀ ਘਰ ਕੋਲ ਕਰੀਬ 1100 ਏਕੜ ਜ਼ਮੀਨ ਹੈ, ਜਿਸ ਵਿੱਚੋਂ 700 ਏਕੜ ਜ਼ਮੀਨ ਪ੍ਰਾਜੈਕਟ ਦੀ ਉਸਾਰੀ ਲਈ ਵਰਤੀ ਜਾ ਚੁੱਕੀ ਹੈ ਅਤੇ 400 ਏਕੜ ਦੇ ਕਰੀਬ ਅਜੇ ਵੀ ਅਣਵਰਤੀ ਪਈ ਹੈ।

## ਭਾਈ ਪਿੰਦਰਪਾਲ ਸਿੰਘ ਜੀ ਦੀ ਮਾਤਾ ਬਲਬੀਰ ਕੌਰ ਜੀ ਦੇ ਆਕਾਲ ਚਲਾਣੇ ਤੇ ਬਾਬਾ ਸੁੱਖਾ ਸਿੰਘ ਜੀ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ



ਜੰਡਿਆਲਾ ਗੁਰੂ, 10 ਫਰਵਰੀ ( ਕੁਲਵੰਤ ਸਿੰਘ ਵਿਰਦੀ ) ਅੱਜ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਸਿੱਖ ਕੌਮ ਦੀ ਮਹਾਨ ਸ਼ਖ਼ਸੀਅਤ ਭਾਈ ਪਿੰਦਰਪਾਲ ਸਿੰਘ ਜੀ ਦੀ ਸਤਿਕਾਰ ਯੋਗ ਮਾਤਾ ਜੀ ਮਾਤਾ ਬਲਬੀਰ ਕੌਰ ਜੀ ਦੇ ਆਕਾਲ ਚਲਾਣੇ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਕਿਹਾ ਕਿ ਮਾਤਾ ਬਲਬੀਰ ਕੌਰ ਜੀ ਬੰਦਗੀ ਵਾਲੀ ਰੂਹ ਸਨ ਜਿਨ੍ਹਾਂ ਨੇ ਸਿੱਖ ਕੌਮ ਨੂੰ ਮਹਾਨ ਪ੍ਰਚਾਰਕ ਦੇ ਰੂਪ ਵਿੱਚ ਭਾਈ ਪਿੰਦਰਪਾਲ ਸਿੰਘ ਜੀ ਨੂੰ ਜਨਮ ਦੇ ਕਿ ਇਸ ਸੰਸਾਰ ਵਿੱਚ ਵੱਸਦੇ ਪ੍ਰਾਣੀ ਜੀਵਾਂ ਨੂੰ ਪ੍ਰਮਾਤਮਾ ਦੀ ਉਸਤਤਿ ਤੇ ਜੀਵਨ ਜਿਊਣ ਲਈ ਪ੍ਰੇਰਿਤ ਕਰਕੇ ਗੁਰੂ ਸਾਹਿਬ ਜੀ ਦੇ ਦੱਸੇ ਮਾਰਗ ਤੇ ਚੱਲਣ ਲਈ ਹਰ ਵੇਲੇ ਸੇਵਾ ਵਿੱਚ ਯੋਗਦਾਨ ਪਾਇਆ ਜਾ ਰਿਹਾ ਹੈ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਬੀਤੇ ਦਿਨ ਮਾਤਾ ਬਲਬੀਰ ਕੌਰ ਜੀ ਪਰਮਾਤਮਾ ਵੱਲੋਂ ਬਖਸ਼ੀ ਸਵਾਸਾਂ ਰੂਪੀ ਪੂੰਜੀ ਨੂੰ ਭੋਗਦੇ ਹੋਏ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿ ਕਿ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ ਅਸੀਂ ਪਰਮਾਤਮਾ ਜੀ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਮਾਤਾ ਜੀ ਦੀ ਵਿਛੜੀ ਰੂਹ ਨੂੰ ਵਾਹਿਗੁਰੂ ਜੀ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਪਿੱਛੇ ਸਮੂਹ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

## ਗੁਰਦੁਆਰਾ ਸਮਾਧਾ ਬਾਬਾ ਨੋਧ ਸਿੰਘ ਜੀ ਵਿਖੇ 18 ਫ਼ਰਵਰੀ ਨੂੰ ਮਨਾਇਆ ਜਾਵੇਗਾ ਸਲਾਨਾ ਜੋੜ ਮੇਲਾ: ਜਥੇਦਾਰ ਬਾਬਾ ਜੋਗਾ ਸਿੰਘ ਜੀ



ਚੌਕ ਮਹਿਤਾ,10 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਦੇ ਪਹਿਲੇ ਮੁੱਖੀ ਜਥੇਦਾਰ ਬਾਬਾ ਦੀਪ ਸਿੰਘ ਜੀ ਸ਼ਹੀਦ, ਜੱਥੇਦਾਰ ਬਾਬਾ ਨੋਧ ਸਿੰਘ ਜੀ ਸ਼ਹੀਦ ਜੀ ਦੀ ਪਵਿੱਤਰ ਯਾਦ ਵਿੱਚ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ ਜੀ ਦੇ 16ਵੇਂ ਮੁੱਖੀ ਸਿੰਘ ਸਾਹਿਬ ਜੱਥੇਦਾਰ ਬਾਬਾ ਜੋਗਾ ਸਿੰਘ ਜੀ ਦੀ ਰਹਿਨੁਮਾਈ ਹੇਠ ਅਤੇ ਸੰਤ ਬਾਬਾ ਗੁਰਦੇਵ ਸਿੰਘ ਜੀ ਸ਼ਹੀਦੀ ਬਾਗ. ਆਨੰਦਪੁਰ ਸਾਹਿਬ ਜੀ ਦੇ ਜੋਗ ਪ੍ਰਬੰਧਾਂ ਹੇਠ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਸਦਕਾ ਨਾਲ ਸਲਾਨਾ ਜੋੜ ਮੇਲਾ ਗੁਰਦਆਰਾ ਸਮਾਧਾ ਬਾਬਾ ਨੋਧ ਸਿੰਘ ਜੀ ਪਿੰਡ ਚੱਬਾ ਤਰਨ ਤਾਰਨ ਰੋਡ ਵਿਖੇ 18 ਫਰਵਰੀ ਦਿਨ ਐਤਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ ਜਾਣਕਾਰੀ ਦਿੰਦਿਆ ਸਿੰਘ ਸਾਹਿਬ ਜੱਥੇਦਾਰ ਬਾਬਾ ਜੋਗਾ ਸਿੰਘ ਜੀ 16 ਵੇ ਮੁੱਖੀ ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ ਜੀ ਨੇ ਦੱਸਿਆ ਕਿ 16ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਜਾਣਗੇ ਅਤੇ 18 ਫਰਵਰੀ ਨੂੰ ਭੋਗ ਪਾਏ ਜਾਣਗੇ ਭੋਗ ਉਪਰੰਤ ਪੰਥ ਦੇ ਪ੍ਰਸਿੱਧ ਕੀਰਤਨੀਏ ਅਤੇ ਕਥਾ ਵਾਚਕ ਸੰਗਤਾਂ ਨੂੰ ਗੁਰਬਾਣੀ ਰਸ ਨਾਲ ਜੋੜਨਗੇ ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ 18 ਫਰਵਰੀ ਨੂੰ ਦੁਪਿਹਰ 12 ਵਜੇ ਗੱਤਕੇ ਮੁਕਾਬਲੇ ਉਪਰੰਤ ਦਲ ਪੰਥ ਵਲੋ ਘੋੜ ਸਵਾਰੀ, ਨੇਜ਼ੇ ਬਾਜੀ ਦੇ ਜੌਹਰ ਵਿਖਾਏ ਜਾਣਗੇ ਅਤੇ 17 ਫਰਵਰੀ ਨੂੰ ਕਬੱਡੀ ਕੱਪ ਹੋਣਗੇ ਜੇਤੂ ਟੀਮਾਂ ਨੂੰ ਇਨਾਮ ਤਕਸੀਮ ਕੀਤੇ ਜਾਣਗੇ।




# ਸਿੱਖ ਦਿੱਲੀ ਤੋਂ ਚਲਦੀਆਂ ਪਾਰਟੀਆਂ ਵੱਲੋਂ ਆਪਣੇ ਧਾਰਮਿਕ ਮਾਮਲਿਆਂ 'ਚ ਦਖਲ ਅੰਦਾਜ਼ੀ ਕਦੇ ਬਰਦਾਸ਼ਤ ਨਹੀਂ ਕਰਨਗੇ: ਸੁਖਬੀਰ ਸਿੰਘ ਬਾਦਲ

ਫ਼ਿਰੋਜ਼ਪੁਰ, 10 ਫਰਵਰੀ (ਮਨੋਹਰ ਲਾਲ) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਦਿੱਲੀ ਤੋਂ ਚਲਦੀਆਂ ਪਾਰਟੀਆਂ ਨਾ ਸਿਰਫ ਸਿੱਖ ਕੌਮ ਦੇ ਧਾਰਮਿਕ ਮਾਮਲਿਆਂ ਵਿਚ ਦਖਲ ਦੇ ਰਹੀਆਂ ਬਲਕਿ ਉਹ ਸਿੱਖ ਗੁਰਧਾਮਾਂ 'ਤੇ ਕਬਜ਼ੇ ਵੀ ਕਰ ਰਹੀਆਂ ਹਨ ਜੋ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ਅਕਾਲੀ ਦਲ ਦੇ ਪ੍ਰਧਾਨ ਪਾਰਟੀ ਦੀ ਪੰਜਾਬ ਬਚਾਓ ਯਾਤਰਾ ਦੀ ਅਗਵਾਈ ਕਰਦਿਆਂ ਅੱਜ ਮਾਲਵਾ ਖਿੱਤੇ ਵਿਚ ਦਾਖਲ ਹੋਏ ਜਿਥੇ ਲੋਕਾਂ ਨੇ ਹਜ਼ਾਰਾਂ ਵਾਹਨਾਂ ਦੇ ਨਾਲ ਕਾਫਲੇ ਵਿਚ ਵੀ ਸ਼ਮੂਲੀਅਤ ਕੀਤੀ ਤੇ ਸੜਕ ਦੇ ਦੋਵੇਂ ਪਾਸੇ ਖੜ੍ਹੇ ਹੋ ਕੇ ਉਹਨਾਂ ਦਾ ਸਵਾਗਤ ਕੀਤਾ। ਉਹਨਾਂ ਕਿਹਾ ਕਿ ਅਸੀਂ ਵੇਖਿਆ ਹੈ ਕਿ ਕਿਵੇਂ ਪਹਿਲਾਂ ਸ਼੍ਰੋਮਣੀ ਕਮੇਟੀ ਤੋੜੀ ਗਈ ਤੇ ਹਰਿਆਣਾ ਵਿਚ ਵੱਖਰੀ ਕਮੇਟੀ ਬਣਾ ਦਿੱਤੀ ਗਈ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਜਿਸ ਵਿਚ ਬਹੁ ਗਿਣਤੀ ਅਕਾਲੀ ਦਲ ਦੇ ਮੈਂਬਰਾਂ ਦੀ ਹੈ, ਦਾ ਕਬਜ਼ਾ ਵੀ ਉਹਨਾਂ ਲੋਕਾਂ ਨੇ ਲੈ ਲਿਆ ਜੋ ਕੌਮ ਲਈ ਨੁਕਸਾਨਦੇਹ ਹਨ। ਉਹਨਾਂ ਕਿਹਾ ਕਿ ਹੁਣ ਮਹਾਰਾਸ਼ਟਰ ਸਰਕਾਰ ਨੇ ਸ੍ਰੀ ਹਜ਼ੂਰ ਸਾਹਿਬ ਮੈਨੇਜਮੈਂਟ ਬੋਰਡ 'ਤੇ ਕਬਜ਼ੇ ਦੀ ਮੁਹਿੰਮ ਆਰੰਭ ਦਿੱਤੀ ਹੈ ਅਤੇ ਆਪਣੇ ਨਾਮਜ਼ਦ ਮੈਂਬਰਾਂ ਦੀ ਗਿਣਤੀ ਦੋ ਤੋਂ ਵਧਾ ਕੇ 12 ਕਰ ਦਿੱਤੀ ਹੈ।





ਪਾਰਟੀ ਸੁਪਰੀਮੋ ਸੁਖਬੀਰ ਸਿੰਘ ਬਾਦਲ ਨੇ ਸਵਾਲ ਕੀਤਾ ਕਿ ਕੀ ਹੁਣ ਮਹਾਰਾਸ਼ਟਰ ਸਰਕਾਰ ਸਿੱਖ ਕੌਮ ਨੂੰ ਦੱਸੇਗੀ ਕਿ ਗੁਰਧਾਮਾਂ ਦੀ ਸੇਵਾ ਸੰਭਾਲ ਕਿਵੇਂ ਕੀਤੀ ਜਾਵੇ। ਉਹਨਾਂ ਕਿਹਾ ਕਿ ਸ੍ਰੀ ਹਜ਼ੂਰ ਸਾਹਿਬ ਮੈਨੇਜਮੈਂਟ ਬੋਰਡ ਐਕਟ 1956 ਵਿਚ ਸੋਧ ਕਰਕੇ ਇਸਦਾ ਪੁਨਰਗਠਨ ਕਰਨ ਦਾ ਫੈਸਲਾ ਬਹੁਤ ਨਿੰਦਣਯੋਗ ਹੈ ਤੇ ਸਿੱਖ ਕੌਮ ਇਸਨੂੰ ਕਦੇ ਪ੍ਰਵਾਨ ਨਹੀਂ ਕਰੇਗੀ। ਸ੍ਰੀ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਇਹ ਸਭ ਕੁਝ ਇਸ ਕਰਕੇ ਹੋ ਰਿਹਾ ਹੈ ਕਿਉਂਕਿ ਅਕਾਲੀ ਦਲ ਸਿਆਸੀ ਤੌਰ 'ਤੇ ਕਮਜ਼ੋਰ ਹੋਇਆ ਹੈ। ਉਹਨਾਂ ਕਿਹਾ ਕਿ ਹੁਣ ਕੌਮ ਨੂੰ ਇਸਦਾ ਹਰਜ਼ਾਨਾ ਭੁਗਤਣਾ ਪੈ ਰਿਹਾ ਹੈ ਤੇ ਸਾਡੇ ਗੁਰੂ ਘਰਾਂ 'ਤੇ ਵੀ ਹਮਲੇ ਹੋਣ ਲੱਗ ਪਏ ਹਨ। ਲੋਕਾਂ ਨੂੰ ਹਮੇਸ਼ਾ ਕੌਮ ਲਈ ਲੜਨ ਵਾਲੇ ਅਕਾਲੀ ਦਲ ਨੂੰ ਮਜ਼ਬੂਤ ਕਰਨ ਦੀ ਅਪੀਲ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਜੇਕਰ ਅਕਾਲੀ ਦਲ ਸੱਤਾ ਵਿਚ ਨਾ ਆਇਆ ਤਾਂ ਕੋਈ ਵੀ ਪੰਜਾਬ ਨੂੰ ਬਚਾ ਨਹੀਂ ਸਕੇਗਾ। ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੌਮ ਦੇ ਅਨੇਕਾਂ 'ਗੱਦਾਰਾਂ' ਦੇ ਹੱਥੀਂ ਗੁੰਮਰਾਹ ਨਾ ਹੋਣ, ਇਹਨਾਂ ਲੋਕਾਂ ਨੇ ਸਿੱਖ ਆਗੂਆਂ ਦੇ ਮੁਖੌਟੇ ਪਾਏ ਹੋਏ ਹਨ ਪਰ ਇਹ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ 'ਤੇ ਲੱਗੇ ਹਨ, ਅਜਿਹੇ ਆਗੂਆਂ ਕਾਰਨ ਕੌਮ ਨੇ ਵੱਡਾ ਖਮਿਆਜ਼ਾ ਭੁਗਤਿਆ ਹੈ ਅਤੇ ਇਹ ਢੁਕਵਾਂ ਸਮਾਂ ਹੈ ਕਿ ਕੌਮ ਮਹਿਸੂਸ ਕਰੇ ਕਿ ਇਹਨਾਂ ਆਗੂਆਂ ਦਾ ਅਸਲ ਮਨੋਰਥ ਕੀ ਹੈ ਤੇ ਇਹਨਾਂ ਨੂੰ ਮੂੰਹ ਨਾ ਲਗਾਇਆ ਜਾਵੇ। ਪੰਜਾਬੀਆਂ ਨੂੰ ਹੋਰ ਸਮਾਂ ਬਰਬਾਦ ਕਰਨ ਤੋਂ ਗੁਰੇਜ਼ ਕਰਨ ਦੀ ਅਪੀਲ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ 7 ਸਾਲ ਤਾਂ ਪਹਿਲਾਂ ਹੀ ਬਰਬਾਦ ਹੋ ਚੁੱਕੇ ਹਨ। ਉਹਨਾਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਝੂਠੀਆਂ ਸਹੁੰਆਂ ਖਾ ਕੇ ਪੰਜਾਬੀਆਂ ਨੂੰ ਮੂਰਖ ਬਣਾਇਆ। ਮੌਜੂਦਾ ਮੁੱਖ ਮੰਤਰੀ ਭਗਵੰਤ ਮਾਨ ਝੂਠੀਆਂ ਗਰੰਟੀਆਂ ਦੇ ਕੇ ਤੁਹਾਡੀਆਂ ਵੋਟਾਂ ਲੈ ਗਿਆ।

ਆਵਾਜ਼ਿ ਕੌਮ
AWAZE QAUM
International Newspaper & WEB TV

## 82 ਦਿਨਾ ਤੋਂ ਹੜਤਾਲ ਕਰ ਰਹੇ ਆਦਰਸ਼ਤ ਸਕੂਲ ਦੇ ਅਧਿਆਪਕਾਂ ਤੇ ਸਟਾਫ ਨਾਲ ਕੀਤੀ ਮੁਲਾਕਾਤ

ਸ੍ਰੀ ਬਾਦਲ ਨੇ ਸਾਬਕਾ ਮੁੱਖ ਮੰਤਰੀ ਸ: ਪ੍ਰਕਾਸ਼ ਸਿੰਘ ਬਾਦਲ ਵੱਲੋਂ ਸਥਾਪਿਤ ਕੀਤੇ ਆਦਰਸ਼ ਸਕੂਲਾਂ ਦੇ ਅਧਿਆਪਕਾਂ ਤੇ ਸਟਾਫ ਨਾਲ ਵੀ ਮੁਲਾਕਾਤ ਕੀਤੀ। ਇਹ ਸਟਾਫ ਸਕੂਲਾਂ ਲਈ ਫੰਡ ਤੇ ਸਹੂਲਤਾਂ ਨਾ ਦੇਣ ਕਾਰਨ 82 ਦਿਨਾ ਤੋਂ ਹੜਤਾਲ 'ਤੇ ਹੈ, ਅਕਾਲੀ ਦਲ ਦੇ ਪ੍ਰਧਾਨ ਨੂੰ ਇਹਨਾਂ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਮੀਟਿੰਗਾਂ ਵਾਸਤੇ ਵਾਰ—ਵਾਰ ਉਹਨਾਂ ਨੂੰ ਚੰਡੀਗੜ੍ਹ ਸੱਦਿਆ ਪਰ ਮਿਲਣ ਤੋਂ ਨਾਂਹ ਕਰ ਦਿੱਤੀ। ਸ੍ਰੀ ਬਾਦਲ ਨੇ ਅਧਿਆਪਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਦਰਸ਼ ਸਕੂਲ ਸਕੀਮ, ਜਿਸ ਤਹਿਤ ਮੈਰੀਟੋਰੀਅਸ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਮੁਫਤ ਪ੍ਰਦਾਨ ਕੀਤੀ ਜਾਂਦੀ ਹੈ, ਨੂੰ ਦੁਨੀਆਂ ਭਰ ਵਿਚ ਸਲਾਹਿਆ ਗਿਆ। ਉਹਨਾਂ ਕਿਹਾ ਕਿ ਇਹ ਬਹੁਤ ਹੀ ਨਿੰਦਣਯੋਗ ਗੱਲ ਹੈ ਕਿ ਸਕੂਲਾਂ ਲਈ ਫੰਡ ਨਹੀਂ ਦਿੱਤੇ ਜਾ ਰਹੇ। ਇਸ ਮੌਕੇ ਸੀਨੀਅਰ ਆਗੂ ਜਨਮੇਜਾ ਸਿੰਘ ਸੇਖੋਂ, ਵਰਦੇਵ ਸਿੰਘ ਮਾਨ, ਮੋਂਟੂ ਵੋਹਰਾ ਅਤੇ ਜੋਗਿੰਦਰ ਸਿੰਘ ਜਿੰਦੂ ਵੀ ਅਕਾਲੀ ਦਲ ਦੇ ਪ੍ਰਧਾਨ ਦੇ ਨਾਲ ਸਨ।




ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੀ ਯੋਗ ਅਗਵਾਈ ‘ਚ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਦੁਨਿਆਵੀ ਵਿਦਿਆ ਲਈ ਨਗਰ ਮਹਿਤਾ ਚੌਂਕ ਵਿਖੇ ਚੱਲ ਰਹੇ ਵੱਖ ਵੱਖ ਅਦਾਰਿਆਂ ‘ਚ ਨਵੇਂ ਸਾਲ ( 2024) ਦੀਆਂ ਕਲਾਸਾਂ ਸ਼ੁਰੂ ਹਨ । ਨਵੇਂ ਵਿਦਿਆਰਥੀ ਦਾਖਲੇ ਲੈ ਕੇ ਦੁਨਿਆਵੀ ਅਤੇ ਧਾਰਮਿਕ ਵਿਦਿਆ ਪ੍ਰਾਪਤ ਕਰੋ ਜੀ।

# ਭੋਗ ਅਤੇ ਅੰਤਿਮ ਅਰਦਾਸ



ਆਪ ਸਰਬੱਤ ਸੰਗਤਾਂ ਨੂੰ ਬੇਨਤੀ ਹੈ ਕਿ

ਭਾਈ ਸਾਹਿਬ ਭਾਈ ਗਿ. ਪਿੰਦਰਪਾਲ ਸਿੰਘ ਜੀ ਅਤੇ ਸ੍ਰ. ਕਸ਼ਮੀਰ ਸਿੰਘ ਜੀ ਦੇ ਮਾਤਾ ਜੀ ਅਤੇ ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ ਤਿਨਾ ਦੇ ਚਾਚੀ ਜੀ

(ਸ੍ਰ ਹਰਦਿਆਲ ਸਿੰਘ ਜੀ ਦੀ ਧਰਮ ਸੁਪਤਨੀ)

## ਮਾਤਾ ਬਲਬੀਰ ਕੌਰ ਜੀ

ਅਕਾਲ ਪੁਰਖ ਵਲੋਂ ਬਖਸ਼ੀ ਸੁਆਸਾਂ ਰੂਪੀ ਪੂੰਜੀ ਨੂੰ ਭੋਗਦੇ ਹੋਏ ਅਕਾਲ ਚਲਾਣਾ ਕਰ ਗਏ ਸੱਨ

ਤਿਨਾ ਨਮਿਤ ਰੱਖੇ ਸ੍ਰੀ ਸਾਹਿਜ ਪਾਠ ਦੇ ਭੋਗ ਕੀਰਤਨ ਕਥਾ ਸਮਾਗਮ ਅਤੇ ਅਰਦਾਸ

ਮਿਤੀ 13 ਫਰਵਰੀ ਮੰਗਲਵਾਰ 2024 ਨੂੰ ਦੁਪਹਿਰ 12 ਤੋਂ 2 ਵੱਜੇ ਤੱਕ

ਗੁਰਦੁਆਰਾ ਗੁਰ ਗਿਆਨ ਪ੍ਰਕਾਸ਼ ਜਵੱਦੀ ਟਕਸਾਲ ਲੁਧਿਆਣਾ ਵਿਖੇ ਹੋਵੇਗੀ

ਗੁਰੂ ਭਾਣੇ ਵਿਚ ਸਮੂਹ ਪਰਿਵਾਰ

ਆਵਾਜ਼ਿ ਕੌਮ
AWAZE QAUM
International Newspaper & WEB TV

98882-03113
70873-03113
97296-56009 94175-01929

ਸਰੀਰ ਦਾ ਮਰ ਜਾਣਾ ਮੌਤ ਨਹੀਂ, ਜ਼ਮੀਰ ਦਾ ਮਰ ਜਾਣਾ ਯਕੀਨਨ ਮੌਤ ਹੈ

# ਸ਼ਰਧਾਂਜਲੀ



ਆਵਾਜ਼ਿ ਕੌਮ AWAZE QAUM International Newspaper & WEB TV






ਭਾਈ ਸਮਸ਼ੇਰ ਸਿੰਘ ਭੰਗੂ


ਪ੍ਰਿਤਪਾਲ ਸਿੰਘ ਮਹਿਮਾਂ


ਅਮ੍ਰਿਤਪਾਲ ਸਿੰਘ ਯੂ ਐਸ ਏ


ਰਣਬੀਰ ਸਿੰਘ ਭੰਗੂ


ਨਿਸ਼ਾਨ ਸਿੰਘ ਸਰਪੰਚ


ਗੁਰਪ੍ਰਤਾਪ ਸਿੰਘ ਕਨੇਡਾ


ਗੁਰਜੰਟ ਸਿੰਘ ਨਾਗੋਕੇ


ਪ੍ਰਗਟ ਸਿੰਘ ਯੂ ਕੇ


ਇਕਬਾਲਪ੍ਰੀਤ ਸਿੰਘ ਯੂ ਐਸ ਏ




## ਕੌਮੀ ਯੋਧੇ ਭਾਈ ਦੀਪ ਸਿੰਘ ਸਿੱਧੂ ਨੂੰ ਓਨਾ ਦੀ ਦੂਜੀ ਬਰਸੀ ਮੌਕੇ ਸ਼ਰਧਾ ਦੇ ਫੁੱਲ ਭੇਂਟ ਕਰਦੇ ਹਾਂ ਜੀ, ਕੌਮ ਵਿੱਚ ਭਾਈ ਸਾਬ ਵਲੋਂ ਲਿਆਂਦੀ ਜਾਗ੍ਰਿਤੀ ਸਿੱਖ ਇਤਿਹਾਸ ਵਿੱਚ ਨਵੀਆਂ ਪੈੜਾਂ ਪਾ ਦਿੱਤੀਆਂ ਹਨ


ਬਿਕਰਮਜੀਤ ਸਿੰਘ ਵੈਲੀ ਸਕੂਲ

--✶ ਗੁਰੂ ਪੰਥ ਦੇ ਦਾਸ ✶--

## ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ
## ਮੁਖ ਸੇਵਾਦਾਰ ਜੱਥਾ ਠੀਕਰੀਵਾਲ




# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਮਹਾਨ ਨਗਰ ਕੀਰਤਨ 13 ਫਰਵਰੀ ਨੂੰ ਸਜਾਇਆ ਜਾਵੇਗਾ: ਸੰਤ ਬਾਬਾ ਸੁੱਚਾ ਸਿੰਘ ਜੀ

ਫ਼ਿਰੋਜ਼ਪੁਰ, 10 ਫਰਵਰੀ (ਮਨੋਹਰ ਲਾਲ) : ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਮਹਾਨ ਨਗਰ ਕੀਰਤਨ 13 ਫਰਵਰੀ 2024 ਦਿਨ ਮੰਗਲਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਸਜਾਇਆ ਜਾਵੇਗਾ। ਇਏ ਜਾਣਕਾਰੀ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਠਾਠ ਨਾਨਕਸਰ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸਾਂਝੀ ਕਰਦਿਆਂ ਦੱਸਿਆ ਕਿ ਸ੍ਰੀਮਾਨ ਧੰਨ–ਧੰਨ ਬਾਬਾ ਕੁੰਦਨ ਸਿੰਘ ਜੀ ਦੀ ਪਵਿੱਤਰ ਬਰਸੀ ਦੀ ਯਾਦ ਵਿਚ ਮਹਾਨ ਨਗਰ ਕੀਰਤਨ ਸਜਾਇਆ ਜਾਵੇਗਾ। ਇਹਾ ਮਹਾਨ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਅਤੇ ਦਾਸ ਦੀ ਦੇਖ–ਰੇਖ ਹੇਠ ਚੱਲੇਗਾ। ਇਹ ਮਹਾਨ ਨਗਰ ਕੀਰਤਨ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਤੋਂ ਸਵੇਰੇ 8 ਵਜੇ ਪ੍ਰਾਰੰਭ ਹੋ ਕੇ ਪਿੰਡ ਮੁਰਕਵਾਲਾ, ਟਿੱਬੀ ਕਲਾਂ, ਕੜਮਾ, ਨਵਾਂ ਕਿਲਾ, ਕਿਲੀ (ਲੰਗਰ ਦੀ ਸੇਵਾ), ਸੋਢੀ ਵਾਲਾ, ਡੋਡ, ਪੀਰ ਕੇ, ਭੂਰੇ ਖੁਰਦ, ਫੁਲਰਵੰਨ, ਜੰਗਾਂ ਵਾਲਾ ਮੋੜ, ਸਦਰਦੀਨ, ਕਾਲਾ ਟਿੱਬਾ, ਟਿੱਬੀ ਖੁਰਦ, ਕੋਟ ਆਸਾ ਸਿੰਘ ਵਾਲਾ, ਪੀਰੂ ਵਾਲਾ, ਰੋਡੇ ਵਾਲਾ, ਵਾਹਕੇ, ਮੱਲਾਂ ਕਰੀ, ਲੱਖਾ ਹਾਜ਼ੀ, ਨਿਆਜੀਆ, ਕਾਕੜ ਪਿੰਡਾਂ ਵਿਚੋਂ ਹੁੰਦਾ



ਹੋਇਆ ਸ਼ਾਮ ਨੂੰ ਗੁਰਦੁਆਰਾ ਸਾਹਿਬ ਪਹੁੰਚੇਗਾ ਅਤੇ ਸ਼ਾਮ ਦਾ ਲੰਗਰ ਨਾਨਕਸਰ ਢਾਣੀਆਂ ਦੀ ਸੰਗਤ ਵੱਲੋਂ ਹੋਵੇਗਾ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਅੱਗੇ ਦੱਸਿਆ ਕਿ ਇਸ ਮਹਾਨ ਨਗਰ ਕੀਰਤਨ ਦੇ ਸਵਾਗਤ ਲਈ ਹਰ ਪਿੰਡ ਵਿਚ ਸਵਾਗਤੀ ਗੇਟ ਸੰਗਤਾਂ ਲਈ ਚਾਹ ਦਾ ਲੰਗਰ ਪਕੌੜਿਆਂ ਦਾ ਲੰਗਰ, ਖੀਰ ਦਾ ਲੰਗਰ, ਫਰੂਟ ਦਾ ਲੰਗਰ ਤੋਂ ਇਲਾਵਾ ਹੋਰ ਵੀ ਕਈ ਪ੍ਰਕਾਰ ਦੇ ਲੰਗਰ ਪਿੰਡਾਂ ਦੀਆਂ ਸੰਗਤਾਂ ਵੱਲੋਂ ਅਤੁੱਟ ਵਰਤਾਏ ਜਾਣਗੇ। ਇਸ ਮਹਾਨ ਨਗਰ ਕੀਰਤਨ ਵਿਚ ਗੁਰਦੁਆਰਾ ਸਾਹਿਬ ਦੀ ਗੱਤਕਾ ਪਾਰਟੀ ਹਰ ਪਿੰਡ ਵਿਚ ਕਲਾਂ ਦੇ ਜ਼ੌਹਰ ਵਿਖਾਉਣਗੇ ਅਤੇ ਬੈਂਡਵਾਜੇ ਵਾਲੇ ਵੀ ਖਿੱਚ ਦਾ ਕੇਂਦਰ ਹੋਣਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਗੁਰੂ ਕੀ ਬਖਸ਼ਿਸ਼ ਦਾਤਾ ਆਪਣੇ–ਆਪਣੇ ਟਰੈਕਟਰ ਟਰਾਲੀਆਂ, ਕਾਰਾਂ, ਜੀਪਾਂ, ਬੱਸਾਂ ਲੈ ਕੇ ਮਹਾਨ ਨਗਰ ਕੀਰਤਨ ਵਿਚ ਸ਼ਾਮਿਲ ਹੋਵੇ। ਇਸ ਤੋਂ ਇਲਾਵਾ ਲੰਡੇ ਟਰੈਕਟਰ, ਮੋਟਰ ਸਾਈਕਲ ਦੀ ਮਨਾਹੀ ਹੈ। ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸੰਗਤਾਂ ਵੱਧ ਤੋਂ ਵੱਧ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਤੋਂ ਇਲਾਵਾ 15 ਫਰਵਰੀ 2024 ਦਿਨ ਵੀਰਵਾਰ 3 ਫੱਗਣ ਨੂੰ ਸਲਾਨਾ ਮਹਾਨ ਗੁਰਮਤਿ ਸਮਾਗਮ ਵਿਚ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ।







# ਇੱਕ ਨਜ਼ਰ




## ਦਾਤਾ ਬੰਦੀ ਛੋੜ ਪਬਲਿਕ ਸਕੂਲ ਦੀ ਅਧਿਆਪਕਾਂ ਰਵਿੰਦਰ ਕੌਰ ਨੂੰ ਮਿਲਿਆ ਬੈਸਟ ਟੀਚਰ ਅਵਾਰਡ

ਅੰਮ੍ਰਿਤਸਰ, 10 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- ਭਾਈ ਗੁਰਇਕਬਾਲ ਸਿੰਘ ਅਤੇ ਭਾਈ ਅਮਨਦੀਪ ਸਿੰਘ ਜੀ ਦੀ ਰਹਿਨੁਮਾਈ ਹੇਠ ਚਲ ਰਹੇ ਦਾਤਾ ਬੰਦੀ ਛੋੜ ਪਬਲਿਕ ਸਕੂਲ ਦੀ ਅਧਿਆਪਕਾਂ ਰਵਿੰਦਰ ਕੌਰ ਨੂੰ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਵੱਲੋਂ ਨੈਸ਼ਨਲ ਬੈਸਟ ਟੀਚਰ ਐਵਾਰਡ ਮਿਲਿਆ ਮੈਡਮ ਰਵਿੰਦਰ ਕੌਰ ਪਿਛਲੇ ਲੰਬੇ ਸਮੇਂ ਤੋਂ ਦਾਤਾ ਬੰਦੀ ਛੋੜ ਪਬਲਿਕ ਸਕੂਲ ਵਿਖੇ ਬੱਚਿਆਂ ਨੂੰ ਚੰਗੇ ਢੰਗ ਨਾਲ ਐਜੂਕੇਟ ਕਰ ਰਹੀ ਹੈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਆਰਤੀ ਸੂਦ ਨੇ ਦਸਿਆ ਫੈਪ ਨੈਸ਼ਨਲ ਅਵਾਰਡ ਦਾ ਆਯੋਜਨ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਕੀਤਾ ਗਿਆ। ਫੈਪ ਪ੍ਰਧਾਨ ਡਾਕਟਰ ਜਗਜੀਤ ਸਿੰਘ ਧੂਰੀ ਜੀ ਵੱਲੋਂ ਪ੍ਰਾਈਵੇਟ ਸਕੂਲਾਂ ਵਿੱਚ ਪੜਾਉਣ ਵਾਲੇ ਅਧਿਆਪਕਾਂ ਨੂੰ ਉਤਸ਼ਾਹਿਤ ਕਰਨ ਲਈ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਫੈਪ ਲਗਾਤਾਰ ਉਪਰਾਲੇ ਕਰ ਰਹੀ ਹੈ। ਫੈਡਰੇਸ਼ਨ ਦੀ ਇਹ ਸੋਚ ਹੈ ਕਿ ਹਰ ਇਨਸਾਨ ਜੋ ਪ੍ਰਾਈਵੇਟ ਅਦਾਰਿਆਂ ਵਿੱਚ ਸਿੱਖਿਆ ਦੇ ਖੇਤਰ ਵਿੱਚ ਕੰਮ ਕਰ ਰਿਹਾ ਹੈ ਉਸਦੇ ਯੋਗਦਾਨ ਨੂੰ ਸਮਾਜ ਵਿੱਚ ਪਹਿਚਾਣ ਮਿਲੇ। ਜ਼ਿਕਰਯੋਗ ਹੈ ਕਿ ਕੁਝ ਸਮਾਂ ਪਹਿਲੇ ਵੀ ਦਾਤਾ ਬੰਦੀ ਛੋੜ ਪਬਲਿਕ ਸਕੂਲ ਦੀ ਇਕ ਅਧਿਆਪਕਾਂ ਨੂੰ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਵਲੋਂ ਬੈਸਟ ਟੀਚਰ ਅਵਾਰਡ ਮਿਲਿਆ ਸੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਆਰਤੀ ਸੂਦ ਨੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਹੋਰ ਲਗਨ ਅਤੇ ਉਤਸ਼ਾਹ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਚੇਅਰਮੈਨ ਭਾਈ ਅਮਨਦੀਪ ਸਿੰਘ ਜੀ ਨੇ ਸਕੂਲ ਸਟਾਫ ਨੂੰ ਵਧਾਈ ਦਿੱਤੀ।

## ਬਸੰਤ ਪੰਚਮੀ ਟੂਰਨਾਮੈਂਟ ਕਮੇਟੀ ਵੱਲੋ 20 ਵਾ ਕਬੱਡੀ ਕੱਪ ਲਈ ਜੱਥੇਬੰਦੀਆਂ ਦਿੱਤੇ ਜਾ ਰਹੇ ਸੱਦੇ ਪੱਤਰ: ਦਲੀਪ ਸਿੰਘ ਪ੍ਰਧਾਨ

ਫ਼ਿਰੋਜ਼ਪੁਰ, 10 ਫਰਵਰੀ (ਮਨੋਹਰ ਲਾਲ) :— 20 ਵਾਂ ਬਸੰਤ ਪੰਚਮੀ ਕਬੱਡੀ ਕੱਪ ਗੁਰਦੁਆਰਾ ਜਾਮਨੀ ਸਾਹਿਬ ਬਜੀਦਪੁਰ ਫਿਰੋਜ਼ਪੁਰ ਵਿਖੇ ਮਿਤੀ 12 ਅਤੇ 13 ਫਰਵਰੀ ਨੂੰ ਵੱਡੇ ਪੱਧਰ ਤੇ ਬਸੰਤ ਪੰਚਮੀ ਟੂਰਨਾਂਮੈਂਟ ਸੋਸਾਇਟੀ ਰਜਿ ਬਜੀਦਪੁਰ ਅਤੇ ਐਨ.ਆਰ.ਆਈ ਵੀਰਾਂ ਦੇ ਸਹਿਯੋਗ ਨਾਲ ਕਰਵਾਇਆ ਜ਼ਾ ਰਿਹਾ ਹੈ, ਜਿਸ ਸਬੰਧੀ ਸੁਸਾਇਟੀ ਆਗੂਆਂ ਵੱਲੋਂ ਸਮਾਜ ਸੇਵੀ ਜਥੇਬੰਦੀਆਂ ਨੂੰ ਸੱਦੇ ਪੱਤਰ ਦਿੱਤੇ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੁਸਾਇਟੀ ਆਗੂਆਂ ਨੇ ਦੱਸਿਆ ਕਿ ਇਨ੍ਹਾਂ ਟੂਰਨਾਮੈਂਟਾਂ ਦੌਰਾਨ ਲੜਕੇ ਅਤੇ ਲੜਕੀਆਂ ਦੀਆਂ ਟੀਮਾਂ ਵੱਡੇ ਪੱਧਰ ਤੇ ਹਿੱਸਾ ਲੈਣ ਲਈ ਪਹੁੰਚ ਰਹੀ ਹਨ ਜਿਨ੍ਹਾਂ ਦੀ ਹੌਂਸਲਾ ਅਫ਼ਜਾਈ ਕਰਨ ਲਈ ਵੱਡੇ ਪੱਧਰ ਤੇ ਦਰਸ਼ਕ ਹਰ ਸਾਲ ਵੱਡੀ ਗਿਣਤੀ ਵਿੱਚ ਪਹੁੰਚਦੇ ਹਨ। ਉਨ੍ਹਾਂ ਕਿਹਾ ਕਿ ਦਰਸ਼ਕਾਂ ਦੀ ਆਉ ਭਗਤ ਲਈ ਲੰਗਰ ਪ੍ਰਸ਼ਾਦੇ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ ਬਸੰਤ ਪੰਚਮੀ ਟੂਰਨਾਮੈਂਟ ਪ੍ਰੋਗਰਾਮ ਵਿੱਚ ਸ਼ਿਰਕਤ ਕਰਨ ਲਈ ਵੱਖ—ਵੱਖ ਜਥੇਬੰਦੀਆਂ ਤੇ ਆਗੂਆਂ ਨੂੰ ਸੱਦੇ ਪੱਤਰ ਦਿੱਤੇ ਜਾ ਰਹੇ ਹਨ ਇਸੇ ਕੜੀ ਤਹਿਤ ਸੁਰਜੀਤ ਸਿੰਘ ਸੱਗੂ, ਮਾਸਟਰ ਗੁਰਦੇਵ ਸਿੰਘ, ਦਲੀਪ ਸਿੰਘ ਪ੍ਰਧਾਨ ਕਮੇਟੀ ਵੱਲੋਂ ਮਨਜੀਤ ਸਿੰਘ ਔਲਖ ਕੌਮੀ ਪ੍ਰਧਾਨ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਨੂੰ ਵਿਸ਼ੇਸ਼ ਤੌਰ ਤੇ ਸੱਦਾ ਦੇਣ ਲਈ ਪਹੁੰਚੇ।

## ਮੰਗਾਂ ਦੀ ਪ੍ਰਾਪਤੀ ਲਈ 16 ਨੂੰ ਹੋਣ ਵਾਲੀ ਹੜਤਾਲ ਵਿਚ ਪੈਨਸ਼ਨਰ ਹੋਣਗੇ ਵੱਡੀ ਤਦਾਦ ਸ਼ਾਮਿਲ: ਸੋਢੀ

ਫ਼ਿਰੋਜ਼ਪੁਰ, 10 ਫਰਵਰੀ (ਮਨੋਹਰ ਲਾਲ) : ਪੰਜਾਬ ਗੌਰਮਿੰਟ ਪੈਨਸ਼ਨਰਜ ਐਸੋਸੀਏਸ਼ਨ ਫ਼ਿਰੋਜ਼ਪੁਰ ਦੀ ਮਾਸਿਕ ਮੀਟਿੰਗ ਪ੍ਰਧਾਨ ਖਜਾਨ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਵੱਡੀ ਗਿਣਤੀ ਪੈਨਸ਼ਨਰਜ ਨੇ ਸ਼ਮੂਲੀਅਤ ਕਰਕੇ ਦਰਪੇਸ਼ ਆ ਰਹੀਆਂ ਸਮੱਸਿਆਵਾਂ ਦਾ ਜ਼ਿਕਰ ਕੀਤਾ। ਇਸ ਮੌਕੇ ਬੋਲਦਿਆਂ ਅਜੀਤ ਸਿੰਘ ਸੋਢੀ ਜਨਰਲ ਸਕੱਤਰ ਨੇ ਦੱਸਿਆ ਕਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਜੁਆਇੰਟ ਫੋਰਮ ਪੰਜਾਬ ਦੇ ਫੈਸਲੇ ਮੁਤਾਬਿਕ ਮੁੱਖ ਮੰਤਰੀ ਪੰਜਾਬ ਨੂੰ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪੈਨਸ਼ਨਰਾਂ ਵੱਲੋਂ ਨਿੱਜੀ ਪੱਧਰ ਤੇ ਪੱਤਰ ਭੇਜੇ ਜਾ ਰਹੇ ਹਨ ਅਤੇ ਭਵਿੱਖ ਵਿਚ ਵੀ ਰੋਜ਼ਾਨਾ ਭੇਜੇ ਜਾਣਗੇ ਤਾਂ ਜ਼ੋ ਸੁੱਤੀ ਪਈ ਸਰਕਾਰ ਨੂੰ ਜਗਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਭੇਜੇ ਜਾ ਰਹੇ ਪੱਤਰਾਂ ਵਿਚ ਪੈਨਸ਼ਨਰਾਂ ਵੱਲੋਂ ਆਪਣੀਆਂ ਮੰਗਾਂ ਜਿਵੇਂ 35000 ਪੈਨਸ਼ਨਰਜ਼ ਜ਼ੋ 1.1.16 ਤੋਂ ਹੁਣ ਤੱਕ ਮਰ ਚੁੱਕੇ ਹਨ ਕੀ ਉਨ੍ਹਾਂ ਵਾਗੂ ਸਾਨੂੰ 1.1.16 ਤੋਂ ਪੈਨਸ਼ਨ ਸੋਧ ਕੇ 2.59 ਨਾਲ ਗੁਣਕ ਕਰਕੇ ਪੈਨਸ਼ਨ ਕਦੋ ਦਿੱਤੀ ਜਾਵੇਗੀ ਜਾਂ ਉਨ੍ਹਾਂ ਵਾਂਗ ਮਰਨ ਉਪਰੰਤ ਪੈਨਸ਼ਨ ਸੋਧੀ ਜਾਵੇਗੀ। ਉਨ੍ਹਾਂ ਕਿਹਾ ਕਿ ਕੀ 210 ਮਹੀਨੇ ਦਾ ਏਰੀਆ ਸਾਨੂੰ ਕਦੋਂ ਦਿੱਤਾ ਜਾਵੇਗਾ, ਕੀ ਇਹ ਵੀ ਮਰਨ ਉਪਰੰਤ ਹੀ ਜਾਰੀ ਹੋਵੇਗੀ। ਉਨ੍ਹਾਂ ਕਿਹਾ ਕਿ 12 ਫਰਵਰੀ ਨੂੰ ਸ਼ਹਿਰੀ ਵਿਧਾਇਕ ਰਣਬੀਰ ਸਿੰਘ ਭੁੱਲਰ ਨੂੰ ਮੰਗ ਪੱਤਰ ਦਿੱਤਾ ਗਿਆ ਸੀ, ਪਰ ਅਜੇ ਤੱਕ ਕੋਈ ਹੱਲ ਨਹੀਂ ਹੋਇਆ। ਇਸ ਮੌਕੇ ਖਜਾਨ ਸਿੰਘ ਪ੍ਰਧਾਨ, ਸੁਰਿੰਦਰ ਕੁਮਾਰ ਜ਼ੋਸਨ, ਅਜੀਤ ਸਿੰਘ ਸੋਢੀ, ਬੂਟਾ ਸਿੰਘ, ਸਵਰਨਜੀਤ ਸਿੰਘ, ਮਾਸਟਰ ਹਰਕ੍ਰਿਸ਼ਨ ਸਿੰਘ, ਜ਼ਸਪਾਲ ਸਿੰਘ ਭੁੱਲਰ, ਰਕੇਸ਼ ਜੈਨ, ਗੁਰਚਰਨ ਸਿੰਘ, ਅਮੀਰ ਸਿੰਘ ਅਤੇ ਹੋਰ ਸਾਥੀਆਂ ਨੇ ਸਰਕਾਰ ਵਿਰੁੱਧ ਭਾਰੀ ਨਾਅਰੇਬਾਜੀ ਕਰਦੇ ਹੋਏ ਪੰਜਾਬ ਸਰਕਾਰ ਵਿਰੁੱਧ ਆਪਣੀ ਭੜਾਸ ਕੱਢੀ ਅਤੇ ਪੰਜਾਬ ਸਰਕਾਰ ਦੀ ਪੈਨਸ਼ਨਰਾਂ ਪ੍ਰਤੀ ਬੇਰੁਖੀ ਦੀ ਜ਼ੋਰਦਾਰ ਸ਼ਬਦਾਂ ਵਿਚ ਨਿਖੇਧੀ ਕੀਤੀ। ਸਮੂਹ ਪੈਨਸ਼ਨਰਾਂ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਨੇ ਬਿਆਨ ਦਿੱਤਾ ਸੀ ਕਿ ਡਾਕਟਰ ਹੁਣ ਕੋਈ ਵੀ ਦਵਾਈ ਪ੍ਰਾਈਵੇਟ ਨਹੀਂ ਲਿਖੇਗਾ, ਪਰ ਕਰੋਨਿਕ ਬਿਮਾਰੀਆਂ ਦੀ ਦਵਾਈ ਸਿਵਲ ਹਸਪਤਾਲਾਂ ਵਿਚ ਨਹੀਂ ਹੈ, ਸੋ ਡਾਕਟਰਾਂ ਨੇ ਬਿੱਲ ਪਾਸ ਕਰਨ ਤੋਂ ਨਾਂਹ ਕਰ ਦਿੱਤੀ ਹੈ, ਜ਼ੋ ਕਿ ਬਹੁਤ ਹੀ ਨਿੰਦਣਯੋਗ ਕਰਤੂਤ ਹੈ। ਮੀਟਿੰਗ ਵਿਚ ਮਤਾ ਪਾਸ ਕੀਤਾ ਗਿਆ ਕਿ 16 ਫਰਵਰੀ ਨੂੰ ਹੜਤਾਲ ਵਿਚ ਵੱਡੀ ਗਿਣਤੀ ਸ਼ਿਰਕਤ ਕਰਕੇ ਸਰਕਾਰ ਨੂੰ ਹਲੂਣਾ ਦਿੱਤਾ ਜਾਵੇ ਤਾਂ ਜ਼ੋ ਸਰਕਾਰ ਨੂੰ ਪੈਨਸ਼ਨਰਾਂ ਦੀਆਂ ਮੰਗਾਂ ਵੱਲ ਧਿਆਨ ਦੇਣਾ ਪਵੇ।



## ਸੁਖਵਿੰਦਰ ਸਿੰਘ ਪਰੈਟੀ ਅਤੇ ਪੂਜਾ ਨੂੰ ਵਿਆਹ ਦੀ 12ਵੀਂ ਵਰ੍ਹੇਗੰਢ ਦੀਆਂ ਮੁਬਾਰਕਾਂ।

ਫੋਟੋ : ਮਨੋਹਰ ਲਾਲ

# ਉਤਸ਼ਾਹ ਨਾਲ ਮਨਾਇਆ ਗਿਆ ਬ੍ਰਹਮ ਗਿਆਨੀ ਧੰਨ ਧੰਨ ਬਾਬਾ ਛੱਜੋ ਜੀ ਦਾ ਸਲਾਨਾ ਜੋੜ ਮੇਲਾ



ਚੌਂਕ ਮਹਿਤਾ, 10 ਫਰਵਰੀ( ਬਾਬਾ ਸੁਖਵੰਤ ਸਿੰਘ ਚੰਨਣਕੇ )ਬ੍ਰਹਮ ਗਿਆਨੀ ਧੰਨ ਧੰਨ ਬਾਬਾ ਛੱਜੋ ਜੀ ਦੀ ਨਿੱਘੀ ਯਾਦ ਵਿਚ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ੍ਰ ਸੁਮਿਤਰ ਸਿੰਘ ਜੀ ਦੀ ਯੋਗ ਅਗਵਾਈ ਹੇਠ ਤੇ ਸਮੂਹ ਪ੍ਰਬੰਧਕ ਕਮੇਟੀ ਦੇ ਕਰ ਕਮਲਾ ਨਾਲ ਦੇਸ਼ ਵਿਦੇਸ਼ ਤੇ ਇਲਾਕੇ. ਦੀਆ ਸੰਗਤਾਂ ਦੇ ਸਹਿਯੋਗ ਨਾਲ ਸਲਾਨਾ ਜੋੜ ਮੇਲਾ ਪੂਰੇ ਉਤਸਾਹ ਨਾਲ ਮਨਾਇਆ ਗਿਆ ਜਿੱਥੇ ਸੰਗਤਾਂ ਨੇ ਵੱਧ ਚੜ ਕੇ ਗੁਰੂ ਸਾਹਿਬ ਜੀ ਦੇ ਦਰਬਾਰ ਵਿੱਚ ਨਤਮਸਤਕ ਹੋ ਬੜੀ ਸ਼ਰਧਾ ਤੇ ਭਾਵਨਾ ਨਾਲ ਮੱਥਾ ਟੇਕਿਆ। ਇਸ ਮੌਕੇ ਪ੍ਰਧਾਨ ਸ੍ਰ ਸਮਿੱਤਰ ਸਿੰਘ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੱਭ ਤੋਂ ਪਹਿਲਾਂ ਗੁਰੂ ਸਾਹਿਬ ਜੀ ਦੀ ਛਤਰ ਛਾਇਆ ਹੇਠ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਕੀਤੀ ਗਈ ਤੇ ਬਾਅਦ ਵਿਚ ਭੋਗ ਪਾਏ ਗਏ ਅਤੇ ਉਪਰੰਤ ਖੁੱਲੇ ਪੰਡਾਲ ਵਿਚ ਕੀਰਤਨ ਦਰਬਾਰ ਸਜਾ ਕੇ ਭਾਈ ਸਾਹਿਬ ਵਲੋ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਉਪਰੰਤ ਕੜ੍ਹਾਹ ਪ੍ਰਸ਼ਾਦ ਦੀ ਦੇਗ ਇਲਾਹੀ ਬਾਣੀ ਦਾਂ ਜਾਪ ਕਰ ਰਹੀਆਂ ਦਰਬਾਰ ਵਿੱਚ ਬੈਠੀਆ ਸੰਗਤਾ ਵਿਚ ਵਰਤਾਈ ਗਈ। ਉਹਨਾ ਕਿਹਾ ਕਿ ਹਜਾਰਾ ਦੀ ਗਿਣਤੀ ਵਿਚ ਹੁੰਮ ਹੁੰਮਾ ਕੇ ਪਹੁੰਚੀਆਂ ਹੋਈਆਂ ਸੰਗਤਾਂ ਦੀ ਤਾਂ ਉਹਨਾ ਪਰਗਟਾ ਦਿੱਤਾ ਹੈ ਕਿ ਸੰਗਤ ਧੰਨ ਧੰਨ ਬਾਬਾ ਛੱਜੋ ਜੀ ਨਾਲ ਕਿੰਨਾ ਪਿਆਰ ਕਰਦੀ ਹੈ ਉਹਨਾ ਕਿਹਾ ਕਿ ਦਰਬਾਰ ਵਿੱਚ ਬੈਠੀਆਂ ਸੰਗਤਾਂ ਨੂੰ ਬਾਣੀ ਨਾਲ ਜੋੜਨ ਲਈ ਕਵੀਸ਼ਰੀ ਜਥਾ ਭਾਈ ਸੁਖਜੀਤ ਸਿੰਘ ਅਤੇ ਕਥਾਵਾਚਕਾ ਵੱਲੋਂ ਬਾਬਾ ਜੀ ਦੀ ਜੀਵਨੀ ਨਾਲ ਜੋੜਦੇ ਹੋਏ ਸੰਤਾਂ ਦੀ ਮਹਿਮਾ ਗਾਉਂਦੇ ਹੋਏ ਭਾਈ ਲਖਵਿੰਦਰ ਸਿੰਘ ਭਾਈ ਹਰਜਿੰਦਰ ਸਿੰਘ ਭਾਈ ਬਲਵੰਤ ਸਿੰਘ ਵੱਲੋਂ ਪ੍ਰਸੰਗ ਸੁਣਾਕੇ ਆਈਆਂ ਹੋਈਆਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ । ਗੁਰੂ ਕੇ ਅਟੁੱਟ ਲੰਗਰ ਵਿੱਚ ਕਈ ਪਦਾਰਥਾਂ ਦੇ ਤਿਆਰ ਕੀਤੇ ਗਏ ਪਕਵਾਨ ਅਤੇ ਕਈ ਤਰ੍ਹਾਂ ਦੇ ਫਲੈਵਰਾ ਵਾਲੇ ਵਾਲੇ ਜੂਸ ਸੇਵਾਦਾਰਾਂ ਵੱਲੋਂ ਬੜੀ ਨਿਮਰਤਾ ਸਹਿਤ ਪੰਗਤ ਵਿੱਚ ਬਿਠਾ ਕੇ ਸ਼ਿਕਾਏ ਗਏ ਜਿਸ ਵਿਚ ਮੇਲੇ ਨੂੰ ਹੋਰ ਚਾਰ ਚੰਨ ਲਾਉਣ ਲਈ ਗਰਾਊਂਡ ਵਿਚ ਖੇਡਾ ਕਰਵਾਈਆ ਗਈਆ ਜਿਸ ਵਿਚ ਪੰਜਾਬ ਦੀ ਮਾ ਖੇਡ ਕਬੱਡੀ, ਰੱਸਾ ਕੱਸੀ, ਲੜਕੀਆ ਦੀ ਕਬੱਡੀ, ਅਤੇ ਹੋਰ ਸੱਭਿਅਕ ਖੇਡਾਂ ਵਿੱਚ ਖਿਡਾਰੀਆਂ ਵੱਲੋਂ ਜੌਹਰ ਦਿਖਾਏ ਗਏ ਜਿੱਥੇ ਪਹਿਲੇ ਅਤੇ ਦੂਜੇ ਨੰਬਰ ਤੇ ਆਉਣ ਵਾਲੇ ਜੇਤੂ ਖਿਡਾਰੀਆਂ ਨੂੰ ਗਰਾਊਂਡ ਵਿੱਚ ਪਹੁੰਚੀਆਂ ਹੋਈਆਂ ਮੁੱਖ ਸ਼ਖਸ਼ੀਅਤਾਂ ਵੱਲੋਂ ਬਾਬਾ ਜੀ ਦੀ ਤਸਵੀਰ ਵਜੋਂ ਸਨਮਾਨ ਚਿੰਨ ਦੇ ਕੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ । ਉੱਥੇ ਹੀ ਉਚੇਚੇ ਤੌਰ ਤੇ ਹਰ ਸਾਲ ਦੀ ਤਰ੍ਹਾਂ ਦੇਸ਼ਾਂ ਵਿਦੇਸ਼ਾਂ ਵਿੱਚ ਬੈਠੀਆਂ ਸੰਗਤਾਂ ਤੱਕ ਸਾਰੀ ਕਵਰੇਜ ਰਾਹੀਂ ਪੁੱਜਦਾ ਕਰਨ ਵਾਲੇ ਪੱਤਰਕਾਰ ਜਸਬੀਰ ਸਿੰਘ ਭੋਲਾ ਮਾਨਾ ਵਾਲਾ ਕਲਾ ਨੂੰ ਪ੍ਰਧਾਨ ਸਮਿੱਤਰ ਸਿੰਘ ਜੀ, ਸੇਵਦਾਰ ਮਲਕੀਤ ਸਿੰਘ ਜੀ ਬੱਬੂ,ਗੁਰਜੀਤ ਸਿੰਘ ਜੀ ਟੀਟੂ, ਸੁਰਿੰਦਰ ਸਿੰਘ ਛਿੰਦਾ, ਰਾਣਾ ਸਤਪਾਲ ਸਿੰਘ, ਨੱਥਾ ਸਿੰਘ,ਬਾਬਾ ਮਾਰਬਲ, ਅਤੇ ਹੋਰ ਪ੍ਰਮੁੱਖ ਸਖ਼ਸ਼ੀਅਤਾਂ ਵੱਲੋ ਬਣਦਾ ਮਾਣ ਸਨਮਾਨ ਦੇ ਕੇ ਸਨਮਾਨਿਤ ਕਰਦਿਆ ਹੋਇਆ ਸਮਾਪਤੀ ਕੀਤੀ ਗਈ।

# ਸਿਹਤ ਵਿਭਾਗ ਦੇ ਮੁਲਾਜ਼ਮਾਂ ਵੱਲੋਂ 15 ਫਰਵਰੀ ਨੂੰ ਡਾਇਰੈਕਟਰ ਦਫਤਰ ਚੰਡੀਗੜ੍ਹ ਵਿਖੇ ਸੁਬਾਈ ਨੁਮਾਇਦਾ ਰੋਸ ਮੁਜਾਹਰੇ ਦਾ ਐਲਾਨ: ਚੰਦ ਸਿੰਘ ਬਠਿੰਡਾ



ਤਲਵੰਡੀ ਸਾਬੋ, 10 ਫਰਵਰੀ (ਗੁਰਜੰਟ ਸਿੰਘ ਨਥੇਹਾ)- ਸਿਹਤ ਵਿਭਾਗ ਦੇ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਫੀਮੇਲ ਸਮੇਤ ਹੋਰ ਕੈਟਾਗਿਰੀ ਦੀਆ ਪਦਉਨਤੀਆ ਸਿਹਤ ਵਿਭਾਗ ਨਹੀਂ ਕਰ ਰਿਹਾ। ਹਰ ਮਹੀਨੇ ਮੁਲਾਜ਼ਮ ਬਿਨਾ ਪਦਉਨਤੀ ਸੇਵਾ ਮੁਕਤ ਹੋ ਰਾਹੇ ਹਨ, ਪਦਉਨਤੀਆ ਅਤੇ ਮਲਟੀਪਰਪਜ਼ ਕੇਡਰ ਦੀਆ ਹੋਰ ਮੰਗਾਂ ਦਾ ਨਿਪਟਾਰਾ ਨਾ ਹੋਣ 'ਤੇ ਮੁਲਾਜਮਾਂ ਵਿੱਚ ਨਿਰਾਸ਼ਾ ਅਤੇ ਰੋਹ ਵਧ ਰਿਹਾ ਹੈ। ਇਸੇ ਦੇ ਮਦੇਨਜਰ ਇਹਨਾਂ ਮੁਲਾਜ਼ਮਾਂ ਦੀ ਜਥੇਬੰਦੀ ਮਲਟੀਪਰਪਜ਼ ਹੈਲਥ ਇੰਪਲਾਈਜ਼ ਮੇਲ-ਫੀਮੇਲ ਯੂਨੀਅਨ ਪੰਜਾਬ ਨੇ ਆਪਣੇ ਕਨਵੀਨਰਾਂ ਮਨਜੀਤ ਕੌਰ ਫਰੀਦਕੋਟ, ਗੁਰਪ੍ਰੀਤ ਸਿੰਘ ਮੰਗਵਾਲ, ਗੁਰਦੇਵ ਸਿੰਘ ਢਿਲੋਂ, ਲਖਵਿੰਦਰ ਕੌਰ ਜੌਹਲ ਸਮੇਤ ਪੂਰੀ ਜਥੇਬੰਦੀ ਵਲੋਂ ਡਾਇਰੈਕਟਰ ਸਿਹਤ ਸੇਵਾਵਾਂ ਪਰਿਵਾਰ ਭਲਾਈ ਨੂੰ ਇੱਕ ਨੋਟਿਸ ਭੇਜ ਕੇ ਮੰਗਾਂ ਦੇ ਹੱਲ ਦੀ ਮੰਗ ਕੀਤੀ ਹੈ। ਜੇਕਰ ਮੰਗਾ ਦਾ ਹੱਲ ਨਾ ਹੋਇਆ ਤਾਂ ਜਥੇਬੰਦੀ ਵਲੋਂ 15 ਫਰਵਰੀ ਨੂੰ ਵਿਸ਼ਾਲ ਨੁਮਾਇਦਾ ਰੋਸ ਮੁਜਾਹਰਾ ਡਾਇਰੈਕਟਰ ਸਿਹਤ ਸੇਵਾਂਵਾਂ ਸੈਕਟਰ 34ਏ ਦੇ ਬਾਹਰ ਕੀਤਾ ਜਾਵੇਗਾ। ਇਸ ਸਬੰਧੀ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਬਠਿੰਡਾ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਵੀ ਨਿਰਦੇਸ਼ ਹਨ ਕਿ ਸਮਾਬੱਧ ਟਾਈਮ ਵਿੱਚ ਪਦਉਨਤੀ ਹੋਵੇ ਪਰ ਸਿਹਤ ਵਿਭਾਗ ਨੇ ਬੇਲੋੜੇ ਇਤਰਾਜ਼ ਲਗਾ ਕੇ ਕੰਮ ਲਟਕਾਈ ਰੱਖਿਆ ਹੈ। 29 ਜਨਵਰੀ ਜਥੇਬੰਦੀ ਦੇ ਵਫਦ ਨੇ ਵਿਭਾਗ ਦੇ ਦੋਵੇਂ ਡਾਇਰੈਕਟਰ ਸਹਿਬਾਨ ਨੂੰ ਮਿਲ ਕੇ ਇਹ ਮਸਲਾ ਉਠਾਇਆ ਪਰ ਉਹ ਸਿਰਫ ਭਰੋਸੇ ਦੇ ਰਹੇ ਹਨ। ਉਹਨਾਂ ਦੱਸਿਆ ਕਿ ਪਦਉਨਤੀ ਤੋਂ ਇਲਾਵਾ ਹੋਰ ਮੰਗਾਂ, ਕੱਟੇ ਭੱਤੇ ਬਹਾਲ ਕਰਨ, ਕੰਟਰੈਕਟ ਦੇ ਮੁਲਾਜਮਾਂ ਨੂੰ ਰੈਗਲੂਰ ਕਰਨ, ਮਲਟੀਪਰਪਜ਼ ਕੇਡਰ ਨਾਮ ਬਦਲੀ ਕੇਸ, ਕੇਂਦਰੀ ਸਕੇਲ ਦੀ ਥਥਾਂ ਪੰਜਾਬ ਦੇ ਸਕੇਲ ਲਾਗੂ ਕਰਨਾ, ਮਲਟੀਪਰਪਜ਼ ਮੇਲ ਦੇ ਸਰਕਾਰੀ ਟ੍ਰੇਨਿੰਗ ਸੈਂਟਰ ਦੁਬਾਰਾ ਚਾਲੂ ਕਰਨ ਸਮੇਤ ਹੋਰ ਮੰਗਾਂ ਦਾ ਹੱਲ ਨਾ ਹੋਣ ਤੇ ਕੇਡਰ ਵਿੱਚ ਨਿਰਾਸ਼ਾ ਅਤੇ ਗੁੱਸਾ ਹੈ। ਉਹਨਾਂ ਕਿਹਾ ਕਿ ਹੁਣ ਮਲਟੀਪਰਪਜ਼ ਕੇਡਰ 15 ਫਰਵਰੀ ਨੂੰ ਡਾਇਰੈਕਟਰ ਦਫਤਰ ਦੇ ਬਾਹਰ ਤਕੜਾ ਰੋਸ ਮਜਾਹਰਾ ਕਰੇਗਾ। ਜਿਸ ਦੀਆਂ ਤਿਆਰੀਆਂ ਵਿੱਢ ਦਿੱਤੀਆਂ ਹਨ। ਇਸ ਮੌਕੇ ਜਥੇਬੰਦੀ ਦੇ ਆਗੂ ਬਲਾਕ ਪ੍ਰਧਾਨ ਹਰਪਾਲ ਸਿੰਘ ਗਿਆਨਾ, ਸੀਨੀਅਰ ਮੀਤ ਪ੍ਰਧਾਨ ਮੋਨਿਕਾ ਰਾਣੀ, ਗੁਰਪ੍ਰੀਤ ਸਿੰਘ, ਸਕੱਤਰ ਜਸਕਰਨ ਸਿੰਘ, ਜਗਸੀਰ ਸਿੰਘ, ਮਨਜੀਤ ਕੌਰ,ਕਿਰਨ, ਸੁਖਪਾਲ ਸਿੰਘ, ਜਗਜੀਤ ਸਿੰਘ, ਕੁਲਦੀਪ ਸਿੰਘ, ਰਾਜਵੀਰ ਕੌਰ, ਗੁਰਪ੍ਰੀਤ ਸਿੰਘ, ਨਵਜੋਤ ਸਿੰਘ, ਸੁਰੇਸ਼ ਕੁਮਾਰ, ਅਮਨਦੀਪ ਸ਼ਰਮਾ,ਓਮ ਪ੍ਰਕਾਸ਼ ਐਸ ਆਈ, ਪਵਨ ਕੁਮਾਰ ਐਸ ਆਈ ਬਾਲਿਆਂਵਾਲੀ ਗੁਰਵਿੰਦਰ ਸਿੰਘ ਗੈਬੀ ਪ੍ਰਧਾਨ ਭਗਤਾ ਅਮਰਜੀਤ ਸਿੰਘ ਪ੍ਰਧਾਨ ਸੰਗਤ ਪਰਮਜੀਤ ਕੌਰ ਜਗਸੀਰ ਸਿੰਘ ਬਾਲਿਆਂਵਾਲੀ ਸਮੇਤ ਹੋਰ ਆਗੂ ਹਾਜਰ ਸਨ।

### ਕੈਬਨਿਟ ਮੰਤਰੀ ਈ.ਟੀ.ਓ ਹਰਭਜ਼ਨ ਸਿੰਘ ਨੇ ਪੱਤਰਕਾਰ ਸਤਨਾਮ ਜੱਜ ਦੇ ਬੇਟੇ ਅਮਰੀਕ ਸਿੰਘ ਦੀ ਵਿਆਹ ਪਾਰਟੀ ਵਿੱਚ ਕੀਤੀ ਵਿਸ਼ੇਸ਼ ਸਿਰਕਤ

# ਮੰਤਰੀ ਸਮੇਤ ਡਾਕਟਰ ਗਿੱਲ ਅਤੇ ਪੱਤਰਕਾਰ ਭਾਈਚਾਰੇ ਤੇ ਸਮਾਜ ਸੇਵੀਆ ਵੱਲੋਂ ਜੋੜੀ ਨੂੰ ਦਿੱਤਾ ਅਸ਼ੀਰਵਾਦ



ਚੌਂਕ ਮਹਿਤਾ 10 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- -ਮਹਿਤਾ ਚੌਂਕ ਤੋਂ ਸੀਨੀਅਰ ਪੱਤਰਕਾਰ ਮਾਝਾਂ ਪ੍ਰੈਸ ਦੇ ਵਾਇਸ ਪ੍ਰਧਾਨ ਤਰਕਸੀਲ ਆਗੂ ਸਤਨਾਮ ਸਿੰਘ ਜੱਜ ਨਵਾਂ ਤਨੇਲ ਦੇ ਸਪੁੱਤਰ ਅਮਰੀਕ ਸਿੰਘ ਦੇ ਵਿਆਹ ਦੀ ਰਿਸੈਪਸ਼ਨ ਪਾਰਟੀ ਦੋਰਾਨ ਨਵੇਂ ਗ੍ਰਹਿ ਮਹਿਤਾ ਚੌਂਕ ਵਿਖੇ ਹਲਕਾ ਜੰਡਿਆਲਾ ਗੁਰੂ ਦੇ ਆਮ ਆਦਮੀ ਪਾਰਟੀ ਦੇ ਵਿਧਾਇਕ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਅਤੇ ਹਲਕਾ ਮਜੀਠਾ ਦੇ ਹਲਕਾ ਇੰਚਾਰਜ ਸ੍ਰ. ਸੁਖਜਿੰਦਰਰਾਜ ਸਿੰਘ ਲਾਲੀ ਮਜੀਠੀਆ ਦੀ ਧਰਮ ਸੁਪਤਨੀ ਡਾ.ਸਤਿੰਦਰ ਕੌਰ ਗਿੱਲ,ਬਲਵਿੰਦਰ ਸਿੰਘ ਮਰੜੀ,ਪ੍ਰਗਟ ਸਿੰਘ ਚੌਗਾਵਾ, ਸੀਨੀਅਰ ਪੱਤਰਕਾਰ ਸੁਖਦੀਪ ਸਿੰਘ ਸਿੱਧੂ,ਆਦਿ ਨੇ ਨਵੀ ਵਿਆਹੀ ਜੋੜੀ ਅਮਰੀਕ ਸਿੰਘ ਤਨੇਲ ਅਤੇ ਨੂੰਹ ਰਮਨਦੀਪ ਕੌਰ ਮਰੜੀ ਕਲਾ ਨੂੰ ਅਸੀਰਵਾਦ ਦਿੱਤਾ ਇਸ ਮੋਕੇ ਮਹਿਤਾ ਚੌਂਕ ਦੇ ਸਾਬਕਾ ਸਰਪੰਚ ਡਾ.ਪ੍ਰਮਜੀਤ ਸਿੰਘ ਸੰਧੂ, ਪ੍ਰਧਾਨ ਅਮਰ ਰਾਵਤ, ਠੇਕੇਦਾਰ ਲਖਵਿੰਦਰ ਸਿੰਘ ਜਲਾਲ, ਬਲਾਕ ਪ੍ਰਧਾਨ ਅਜੇ ਗਾਂਧੀ, ਪੀ.ਐਸ ਪਲਵਿੰਦਰ ਸਿੰਘ, ਸੁਰਜੀਤ ਸਿੰਘ ਭੋਏਵਾਲ, ਹਰਪਾਲ ਸਿੰਘ ਹਰਜਿੰਦਰ ਸਿੰਘ ਭੋਏਵਾਲ, ਰਣਜੀਤ ਰਾਜਾ ਰਾਮਦੀਵਾਲੀ ਜਸਕਰਨ ਸਿੰਘ ਸੰਧੂ ਮਹਿਤਾ ਸੀਨੀਅਰ ਆਪ ਯੂਥ ਆਗੂ , ਅਜੀਤ ਸਿੰਘ ਬੱਬੀ,ਗੁਰਦਾਸਪੁਰ ਤੋਂ ਪ੍ਰਧਾਨ ਕਿਸਾਨ ਵਿੰਗ ਮੁਖਦੇਵ ਸਿੰਘ,ਜਸਵਿੰਦਰ ਸਿੰਘ ਜੋਗੋਵਾਲ ਜੱਟਾ, ਸੀਨੀਅਰ ਪੱਤਰਕਾਰ ਦਲਜੀਤ ਸਿੰਘ ਡਾਕਟਰ ਮੀਡੀਆਂ ਸਲਾਹਕਾਰ ਮਾਝਾਂ ਪ੍ਰੈਸ ਮਹਿਤਾ ਚੌਂਕ ਦੇ ਪ੍ਰਧਾਨ ਸ੍ਰ ਬਲਜਿੰਦਰ ਸਿੰਘ ਬੱਲੀ, ਸੀਨੀਅਰ ਪੱਤਰਕਾਰ ਜਤਿੰਦਰਪਾਲ ਸਿੰਘ, ਪੱਤਰਕਾਰ ਬਲਜੀਤ ਸਿੰਘ ਤਲਵੰਡੀ ਖੁੰਮਣ,ਪੱਤਰਕਾਰ ਭੁਪਿੰਦਰ ਸਿੰਘ,ਪੱਤਰਕਾਰ ਸੁਨੀਲ ਦੇਵਗਨ,ਪੱਤਰਕਾਰ ਗੁਰਮੀਤ ਸਿੰਘ ਸਦਾਰੰਗ ਪੱਤਰਕਾਰ ਸੁਰਜੀਤ ਸਿੰਘ ਖਾਲਸਾ ਮੁੱਛਲ, ਤਰਕਸ਼ੀਲ ਆਗੂ ਜਸਬੀਰ ਸਿੰਘ ਖਲਚੀਆ, ਅਤੇ ਆਪ ਦੀ ਸਮੁੱਚੀ ਲੀਡਰਸ਼ਿਪ, ਪੱਤਰਕਾਰ ਭਾਈਚਾਰੇ ਤੇ ਸਮਾਜ ਸੇਵੀਆਂ ਤੇ ਸਮੂਹ ਰਿਸਤੇਦਾਰਾਂ ਤੇ ਸੱਜਣ ਸੁਨੇਹੀਆ ਵੱਲੋਂ ਪਰਿਵਾਰ ਨੂੰ ਵਧਾਈ ਦਿੱਤੀ ਗਈ ਤੇ ਨਵੀ ਵਿਆਹੀ ਜੋੜੀ ਨੂੰ ਅਸ਼ੀਰਵਾਦ ਦਿੱਤਾ ਗਿਆ



|| ਗੁਰਬਾਣੀ ਕਥਾ ਵਿਚਾਰ ||
ਗੁਰਦੁਆਰਾ ਸ਼ੀਸ ਗੰਜ ਸਾਹਿਬ
ਮਿਤੀ : 11 ਫਰਵਰੀ 2024
ਸਵੇਰੇ 7:30 ਤੋਂ 8:30 ਵਜੇ ਤੱਕ
ਗੁਰਦੁਆਰਾ ਬੰਗਲਾ ਸਾਹਿਬ
ਮਿਤੀ : 12 ਫਰਵਰੀ 2024
ਸਵੇਰੇ 7:30 ਤੋਂ 8:30 ਵਜੇ ਤੱਕ
Live On PTC ਸਿਮਰਨ
Live On CHARDIKLA TIME TV
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ
ਮੌਜੂਦਾ ਮੈਂਬਰ ਅਤੇ ਸਾਬਕਾ ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
/BhaiBaljitSinghDaduwal /Daduwal /Daduwal /DaduwalTV
www.bhaibaljitsinghji.com
98140-15740, 93560-60960




ਗੁ: ਟਿਕਾਣਾ ਭਾਈ ਜਗਤਾ ਜੀ ਸਾਹਿਬ
ਗੋਨਿਆਣਾ ਭਾਈ ਜਗਤਾ (ਬਠਿੰਡਾ) ਵਿਖੇ
ਮਹੰਤ ਬਾਬਾ ਤੀਰਥ ਸਿੰਘ ਜੀ ਦੇ 99 ਵੇਂ ਜਨਮ ਦਿਹਾੜੇ ਤੇ
ਮਹਾਨ ਕੀਰਤਨ ਦਰਬਾਰ
ਮਿਤੀ: 12 ਫਰਵਰੀ 2024 ਦਿਨ ਸੋਮਵਾਰ ਸਮਾ: ਰਾਤ 7 ਤੋਂ 12 ਵਜੇ ਤੱਕ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ HSGMC
ਅੱਖਾਂ ਦਾ ਫਰੀ ਚੈਕਅੱਪ ਕੈਂਪ
ਸੰਤ ਰਣਜੀਤ ਸਿੰਘ ਜੀ 'ਸੇਵਾਪੰਥੀ'
ਬੇਨਤੀ: ਮਹੰਤ ਬਾਬਾ ਤੀਰਥ ਸਿੰਘ ਜੀ ਦੇ 100 ਵੇਂ ਜਨਮ ਦਿਹਾੜੇ ਤੇ 12 ਫਰਵਰੀ 2025 ਨੂੰ ਗਰੀਬ ਤੇ ਜਰੂਰਤ ਮੰਦ ਲੜਕੀਆਂ ਦੇ ਅਨੰਦ ਕਾਰਜ ਕਰਵਾਏ ਜਾਣਗੇ। ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ
ਮੋ: 98140-35191, 98140-04503